SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steeles Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 12 | Wednesday, January 17, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਹਾਈਵੇਅ 407 ਉਤੇ ਗੱਡੀ ਸਨੋਅ ਪਲੋਅ ਨਾਲ ਟਕਰਾਈ, ਆਵਾਜਾਈ ਠੱਪ

ਓਨਟਾਰੀਓ,16 ਜਨਵਰੀ (ਪੋਸਟ ਬਿਊਰੋ) : ਮੰਗਲਵਾਰ ਨੂੰ ਤੜਕੇ ਇੱਕ ਡਰਾਈਵਰ ਆਪਣੀ ਗੱਡੀ ਤੋਂ ਨਿਯੰਤਰਣ ਗੁਆ ਬੈਠਿਆ ਤੇ ਹਾਈਵੇਅ 407 ਉੱਤੇ ਸਨੋਅ ਪਲੋਅ ਨਾਲ ਜਾ ਟਕਰਾਇਆ।

ਚਸ਼ਮਦੀਦਾਂ ਅਨੁਸਾਰ ਛੇ ਸਨੋਅ ਪਲੋਅ ਹਾਈਵੇਅ 407 ਉੱਤੇ ਬਰਫ ਹਟਾ ਰਹੇ ਸਨ ਜਦੋਂ ਇੱਕ ਤੇਜ਼ ਰਫਤਾਰ ਗੱਡੀ ਦਾ ਡਰਾਈਵਰ ਆਪਣੀ ਗੱਡੀ ਤੋਂ ਨਿਯੰਤਰਣ ਗੁਆ ਬੈਠਿਆ ਤੇ ਪਹਿਲਾਂ ਸੜਕ ਵਿੱਚ ਬਣੇ ਸੈਂਟਰ ਵਰਜ ਨਾਲ ਟਕਰਾਇਆ ਤੇ ਫਿਰ ਇੱਕ ਸਨੋਅ ਪਲੋਅ ਨਾਲ ਜਾ ਟਕਰਾਇਆ। ਓਪੀਪੀ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਕਿ ਇਸ ਨਾਲ ਸਨੋਅ ਪਲੋਅ ਕਰਨ ਦਾ ਕੰਮ ਠੱਪ ਪੈ ਗਿਆ ਤੇ ਹਾਈਵੇਅ ਉੱਤੇ ਆਵਾਜਾਈ ਵੀ ਰੁਕ ਗਈ। ਪਰ ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ।



ਮੰਗਲਵਾਰ ਨੂੰ ਓਪੀਪੀ ਦੇ ਬੁਲਾਰੇ ਨੇ ਦੱਸਿਆ ਕਿ ਮਿਸੀਸਾਗਾ ਤੇ ਕੈਂਬ੍ਰਿਜ ਵਿੱਚ ਦਿਨਭਰ ਪੁਲਿਸ ਅਧਿਕਾਰੀਆਂ ਨੂੰ ਪ੍ਰੋਵਿੰਸ਼ੀਅਲ ਹਾਈਵੇਅਜ਼ ਉੱਤੇ ਹੋਏ 20 ਤੋਂ ਵੱਧ ਹਾਦਸਿਆਂ ਦਾ ਮੁਆਇਨਾ ਕਰਨਾ ਪਿਆ। ਟੋਰਾਂਟੋ ਸਮੇਤ ਜੀਟੀਏ ਦੇ ਬਹੁਤੇ ਹਿੱਸਿਆਂ ਵਿੱਚ ਕੁੱਝ ਸੈਂਟੀਮੀਟਰ ਤੱਕ ਬਰਫਬਾਰੀ ਦਰਜ ਕੀਤੀ ਗਈ।ਪੂਰਾ ਹਫਤਾ ਤਾਪਮਾਨ ਘੱਟ ਰਹਿਣ ਦੀ ਵੀ ਸੰਭਾਵਨਾ ਪ੍ਰਗਟਾਈ ਗਈ ਹੈ। ਜੀਟੀਏ ਵਿੱਚ ਰਾਤ ਸਮੇਂ ਤਾਪਮਾਨ ਮਨਫੀ 16 ਡਿਗਰੀ ਸੈਲਸੀਅਸ ਤੇ ਪੂਰਬੀ ਓਨਟਾਰੀਓ ਵਿੱਚ ਮਨਫੀ 20 ਡਿਗਰੀ ਸੈਲਸੀਅਸ ਤੱਕ ਬਣੇ ਰਹਿਣ ਦੀ ਸੰਭਾਵਨਾ ਹੈ।


ਉਦਯੋਗਿਕ ਇਮਾਰਤ | ਵਿਕਰੀ ਲਈ
CBRE
1 ਵੈਨ ਡੇਰ ਗ੍ਰਾਫ ਕੋਰਟ
ਬਰੈਂਪਟਨ, ਓ.ਐਨ
102,205 ਵਰਗ ਫੁੱਟ ਡ੍ਰਾਈਵ ਉਪਲਬਧ ਹੈ
Fraser McKenna
Joseph Cattana
Ted Peters

## ਜਹਾਜ਼ ਨੇ ਸੜਕ 'ਤੇ ਕੀਤੀ ਐਮਰਜੈਂਸੀ ਲੈਂਡਿੰਗ




ਦਰਹਾਮ, 16 ਜਨਵਰੀ (ਪੋਸਟ ਬਿਊਰੋ) : ਦਰਹਾਮ ਪੁਲਿਸ ਨੇ ਦੱਸਿਆ ਕਿ ਸੋਮਵਾਰ ਰਾਤ ਨੂੰ ਐਜੈਕਸ ਦੀ ਸੜਕ ਦੇ ਐਨ ਵਿਚਕਾਰ ਇੱਕ ਜਹਾਜ਼ ਵੱਲੋਂ ਐਮਰਜੰਸੀ ਲੈਂਡਿੰਗ ਕੀਤੀ ਗਈ।

ਐਮਰਜੰਸੀ ਅਮਲੇ ਨੂੰ ਇੱਕ ਨਿੱਕੇ ਜਹਾਜ਼ ਦੇ ਹਾਦਸਾਗ੍ਰਸਤ ਹੋਣ ਦੀ ਜਾਣਕਾਰੀ ਦੇ ਕੇ ਬੇਲੀ ਸਟਰੀਟ ਈਸਟ ਤੇ ਆਡਲੇ ਰੋਡ ਸਾਊਥ ਇਲਾਕੇ ਵਿੱਚ ਸੱਦਿਆ ਗਿਆ। ਇੰਜਣ ਫੇਲ੍ਹ ਹੋ ਜਾਣ ਤੋਂ ਬਾਅਦ ਜਹਾਜ਼ ਨੂੰ ਐਮਰਜੰਸੀ ਲੈਂਡਿੰਗ ਕਰਨੀ ਪਈ ਤੇ ਪਾਇਲਟ ਕਿਸੇ ਤਰ੍ਹਾਂ ਜਹਾਜ਼ ਨੂੰ ਸੜਕ ਉੱਤੇ ਉਤਾਰਨ ਵਿੱਚ ਕਾਮਯਾਬ ਵੀ ਹੋ ਗਿਆ।

ਪੁਲਿਸ ਨੇ ਦੱਸਿਆ ਕਿ ਜਹਾਜ਼ ਦੇ ਨਾਲ ਨਾਲ ਕੁੱਝ ਖੰਭਿਆ ਨੂੰ ਵੀ ਨੁਕਸਾਨ ਪਹੁੰਚਿਆ। ਅਜੇ ਤੱਕ ਕਿਸੇ ਦੇ ਜ਼ਖ਼ਮੀ ਹੋਣ ਦੀ ਖਬਰ ਨਹੀਂ ਹੈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

## ਡਰੱਗ ਸਪਲਾਈ ਦੀ ਹਿਫਾਜ਼ਤ ਲਈ ਹਰ ਸੰਭਵ ਮਾਪਦੰਡ ਅਪਣਾਵੇਗੀ ਕੈਨੇਡਾ ਸਰਕਾਰ : ਹੌਲੈਂਡ

ਓਟਵਾ, 16 ਜਨਵਰੀ (ਪੋਸਟ ਬਿਊਰੋ) : ਸਿਹਤ ਮੰਤਰੀ ਮਾਰਕ ਹੌਲੈਂਡ ਨੇ ਅਮਰੀਕੀ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਆਖਿਆ ਕਿ ਕੈਨੇਡਾ ਫੂਡ ਐਂਡ ਡਰੱਗ ਐਡਮਨਿਸਟ੍ਰੇਸ਼ਨ (ਐਫਡੀਏ) ਦੇ ਉਸ ਫੈਸਲੇ ਤੋਂ ਨਿਰਾਸ਼ ਹੈ ਜਿਸ ਵਿੱਚ ਕੁੱਝ ਕੈਨੇਡੀਅਨ ਪ੍ਰਿਸਕ੍ਰਿਪਸ਼ਨ ਵਾਲੀਆਂ ਦਵਾਈਆਂ ਨੂੰ ਇੰਪੋਰਟ ਕਰਨ ਦੀ ਇਜਾਜ਼ਤ ਦਿੱਤੀ ਗਈ ਹੈ। ਉਨ੍ਹਾਂ ਇਹ ਵੀ ਆਖਿਆ ਕਿ ਕੈਨੇਡਾ ਆਪਣੀ ਡਰੱਗ ਸਪਲਾਈ ਦੀ ਹਿਫਾਜ਼ਤ ਕਰਨ ਲਈ ਸਾਰੇ ਜ਼ਰੂਰੀ ਮਾਪਦੰਡ ਅਪਣਾਵੇਗਾ।

ਮੰਗਲਵਾਰ ਨੂੰ ਜਾਰੀ ਕੀਤੇ ਇੱਕ ਬਿਆਨ ਵਿੱਚ ਹੌਲੈਂਡ ਨੇ ਆਖਿਆ ਕਿ ਉਹ ਕੈਨੇਡੀਅਨਜ਼ ਨੂੰ ਇਹ ਭਰੋਸਾ ਦਿਵਾਉਣਾ ਚਾਹੁੰਦੇ ਹਨ ਕਿ ਜਦੋਂ ਵੀ ਉਨ੍ਹਾਂ ਨੂੰ ਜਿਸ ਦਵਾਈ ਦੀ ਲੋੜ ਪਵੇਗੀ ਉਹ ਉਨ੍ਹਾਂ ਨੂੰ ਮਿਲੇਗੀ। ਉਨ੍ਹਾਂ ਆਖਿਆ ਕਿ ਦਵਾਈਆਂ ਦੀ ਸਪਲਾਈ ਨੂੰ ਬਰਕਰਾਰ ਰੱਖਣ ਲਈ



ਕੈਨੇਡਾ ਕੋਲ ਦਮਦਾਰ ਰੈਗੂਲੇਸ਼ਨਜ਼ ਹਨ। ਫਲੋਰਿਡਾ ਸਟੇਟ ਵੱਲੋਂ ਦਵਾਈਆਂ ਨੂੰ ਇੰਪੋਰਟ ਕਰਨ ਸਬੰਧੀ ਪੇਸ਼ ਕੀਤੇ ਪਲੈਨ ਨੂੰ ਮਨਜ਼ੂਰ ਕਰਨ ਦੇ ਐਫਡੀਏ ਦੇ ਫੈਸਲੇ ਤੋਂ ਇੱਕ ਹਫਤੇ ਬਾਅਦ ਹੌਲੈਂਡ ਦਾ ਇਹ ਬਿਆਨ ਆਇਆ।

ਹੌਲੈਂਡ ਵੱਲੋਂ 12 ਜਨਵਰੀ ਨੂੰ ਅਮਰੀਕਾ ਦੇ ਸਿਹਤ ਤੇ ਹਿਊਮਨ ਸਰਵਿਸਿਜ਼ ਮੰਤਰੀ ਜ਼ੇਵੀਅਰ ਬੈਕੈਰਾ ਤੇ ਕੈਨੇਡਾ ਵਿੱਚ ਅਮਰੀਕਾ ਦੇ ਅੰਬੈਸਡਰ ਡੇਵਿਡ ਕੋਹੇਨ ਨਾਲ ਗੱਲਬਾਤ ਕੀਤੀ ਗਈ ਸੀ। ਬੈਕੈਰਾ ਤੇ ਕੋਹੇਨ ਨੇ ਹੌਲੈਂਡ ਨੂੰ ਇਹ ਯਕੀਨ ਦਿਵਾਇਆ ਕਿ ਅਮਰੀਕਾ ਦਵਾਈਆਂ ਦੀ ਘਾਟ ਪੈਦਾ ਕਰਨ ਜਾਂ ਕੈਨੇਡਾ ਦੀ ਦਵਾਈਆਂ ਤੱਕ ਪਹੁੰਚ ਵਿੱਚ ਦਖ਼ਲਅੰਦਾਜ਼ੀ ਦਾ ਕੋਈ ਇਰਾਦਾ ਨਹੀਂ ਰੱਖਦਾ। ਕੋਹੇਨ ਨੇ ਇਹ ਵੀ ਆਖਿਆ ਕਿ ਉਹ ਇਹ ਸਮਝਦਾ ਹੈ ਤੇ ਉਮੀਦ ਕਰਦਾ ਹੈ ਕਿ ਕੈਨੇਡਾ ਆਪਣੀ ਫਾਰਮਾਸਿਊਟੀਕਲ ਸਪਲਾਈ ਦੀ ਹਿਫਾਜ਼ਤ ਕਰਨ ਲਈ ਕਾਰਵਾਈ ਕਰੇ।

ਅਮਰੀਕੀ ਅਧਿਕਾਰੀਆਂ ਤੇ ਹੌਲੈਂਡ ਨੇ ਆਖਿਆ ਕਿ ਉਹ ਇਸ ਮੁੱਦੇ ਉੱਤੇ ਗੱਲਬਾਤ ਕਰਦੇ ਰਹਿਣਗੇ। ਹੌਲੈਂਡ ਨੇ ਇਹ ਵੀ ਆਖਿਆ ਕਿ ਕੈਨੇਡੀਅਨਜ਼ ਨੂੰ ਇਸ ਗੱਲ ਨੂੰ ਲੈ ਕੇ ਨਿਸ਼ਚਿੰਤ ਰਹਿਣਾ ਚਾਹੀਦਾ ਹੈ ਕਿ ਸਾਡੀ ਸਰਕਾਰ ਕੈਨੇਡਾ ਵਿੱਚ ਡਰੱਗ ਸਪਲਾਈ ਨੂੰ ਲੈ ਕੇ ਹਰ ਸੰਭਵ ਮਾਪਦੰਡ ਅਪਨਾਉਣੇ ਜਾਰੀ ਰੱਖੇਗੀ।

## ਹਥਿਆਰਬੰਦ ਕਾਰਜੈਕਿੰਗ ਲਈ ਦੋ ਟੀਨੇਜਰਜ਼ ਗ੍ਰਿਫਤਾਰ

ਨੌਰਥ ਯੌਰਕ, 16 ਜਨਵਰੀ (ਪੋਸਟ ਬਿਊਰੋ) : ਨੌਰਥ ਯੌਰਕ ਵਿੱਚ ਕਾਰਜੈਕਿੰਗ ਤੇ ਡਾਕਾ ਮਾਰਨ ਦੇ ਸਬੰਧ ਵਿੱਚ ਦੋ ਟੀਨੇਜਰਜ਼ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਨੂੰ ਕਈ ਚਾਰਜਿਜ਼ ਦਾ ਸਾਹਮਣਾ ਕਰਨਾ ਹੋਵੇਗਾ।

ਟੋਰਾਂਟੋ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ 9 ਜਨਵਰੀ ਨੂੰ ਰਾਤੀਂ 11:30 ਵਜੇ ਤੋਂ ਪਹਿਲਾਂ ਹਾਈਵੇਅ 401 ਦੇ ਦੱਖਣ ਵੱਲੋਂ ਅੱਪਰ ਕੈਨੇਡਾ ਡਰਾਈਵ ਤੇ ਫੇਅਰਮੀਡੋਅ ਐਵਨਿਊ ਇਲਾਕੇ ਵਿੱਚ ਸਥਿਤ ਘਰ ਵਿੱਚ ਪੰਜ ਮਸ਼ਕੂਕ ਦਾਖਲ ਹੋਏ। ਜਾਂਚਕਾਰਾਂ ਨੇ ਦੱਸਿਆ ਕਿ ਇੱਕ ਵਿਅਕਤੀ ਗੈਰਾਜ ਵਿੱਚ ਆਪਣੀ ਕਾਰ ਪਾਰਕ ਕਰ ਰਿਹਾ ਸੀ ਜਦੋਂ ਦੋ ਮਸ਼ਕੂਕ ਉਸ ਕੋਲ ਗਏ ਤੇ ਉਸ ਨੂੰ ਗੰਨ ਦਿਖਾ ਕੇ ਗੱਡੀ ਦੀਆਂ ਚਾਬੀਆਂ, ਉਸ ਦਾ ਪਰਸ ਤੇ ਗਹਿਣੇ ਉਨ੍ਹਾਂ ਹਵਾਲੇ ਕਰਨ ਦੀ ਮੰਗ ਕੀਤੀ।

ਫਿਰ ਮਸ਼ਕੂਕ ਉਸ ਵਿਅਕਤੀ ਦੀ ਗੱਡੀ ਲੈ ਕੇ ਹੀ ਉੱਥੋਂ ਫਰਾਰ ਹੋ ਗਏ ਪਰ ਕੁੱਝ ਹੀ ਦੂਰੀ ਉੱਤੇ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ। ਪੁਲਿਸ ਨੇ ਦੱਸਿਆ



ਕਿ ਇੱਕ ਮਸ਼ਕੂਕ ਕੋਲੋਂ ਭਰਿਆ ਹੋਇਆ ਹਥਿਆਰ ਵੀ ਬਰਾਮਦ ਹੋਇਆ। ਇੱਕ ਰਲੀਜ਼ ਵਿੱਚ ਪੁਲਿਸ ਨੇ ਦੱਸਿਆ ਕਿ ਪ੍ਰੋਵਿੰਸ਼ੀਅਲ ਕਾਰ ਜੈਕਿੰਗ ਟਾਸਕ ਫੋਰਸ (ਪੀਸੀਜੇਟੀਐਫ) ਤੇ 32 ਡਵੀਜ਼ਨ ਮੇਜਰ ਕ੍ਰਾਈਮ ਯੂਨਿਟ ਦੀ ਸਾਂਝ ਸਦਕਾ ਦੋ ਮਸ਼ਕੂਕਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ।

ਟੋਰਾਂਟੋ ਦੇ 16 ਤੇ 15 ਸਾਲਾ ਲੜਕਿਆਂ ਨੂੰ ਹਥਿਆਰ ਰੱਖਣ, 5000 ਡਾਲਰ ਤੋਂ ਵੱਧ ਦੀ ਜੁਰਮ ਨਾਲ ਕਮਾਈ ਸੰਪਤੀ ਰੱਖਣ ਤੇ ਅਣਅਧਿਕਾਰਕ ਹਥਿਆਰ ਰੱਖਣ, ਹਥਿਆਰ ਦੀ ਮਦਦ ਨਾਲ ਡਾਕਾ ਮਾਰਨ ਆਦਿ ਲਈ ਚਾਰਜ ਕੀਤਾ ਗਿਆ ਹੈ।

## ਫਾਰਮੇਸੀ ਉੱਤੇ ਹਿੰਸਕ ਡਾਕਾ ਮਾਰਨ ਵਾਲੇ ਚਾਰ ਟੀਨੇਜਰ ਗ੍ਰਿਫਤਾਰ

ਓਕਵਿੱਲ, 16 ਜਨਵਰੀ (ਪੋਸਟ ਬਿਊਰੋ) : ਸੋਮਵਾਰ ਰਾਤ ਨੂੰ ਓਕਵਿੱਲ ਵਿੱਚ ਫਾਰਮੇਸੀ ਵਿੱਚ ਹਿੰਸਕ ਡਾਕਾ ਮਾਰਨ ਵਾਲੇ ਮਸ਼ਕੂਕਾਂ ਦਾ ਪਿੱਛਾ ਕਰਨ ਤੋਂ ਬਾਅਦ ਪੁਲਿਸ ਨੇ ਚਾਰ ਮਸ਼ਕੂਕਾਂ ਨੂੰ ਹਿਰਾਸਤ ਵਿੱਚ ਲੈ ਲਿਆ ਹੈ।

ਹਾਲਟਨ ਪੁਲਿਸ ਅਧਿਕਾਰੀਆਂ ਨੂੰ ਅੱਪਰ ਮਿਡਲ ਰੋਡ ਦੇ ਉੱਤਰ ਵੱਲ ਬ੍ਰੌਂਟ ਰੋਡ ਤੇ ਵੈਸਟੋਕ ਟਰੇਲਜ਼ ਨੇੜੇ ਸਥਿਤ ਫਾਰਮੇਸੀ ਵਿੱਚ ਡਾਕੇ ਦੀ ਰਿਪੋਰਟ ਦੇ ਕੇ ਸ਼ਾਮੀਂ 7:30 ਵਜੇ ਸੱਦਿਆ ਗਿਆ।ਪ੍ਰਾਪਤ ਜਾਣਕਾਰੀ ਅਨੁਸਾਰ ਚਾਰ ਮਸ਼ਕੂਕ ਮੂੰਹ ਦੇ ਮਾਸਕ ਪਾਈ ਸਟੋਰ ਵਿੱਚ ਪਹੁੰਚੇ ਤੇ ਉਨ੍ਹਾਂ ਦੋ ਮਹਿਲਾ




ਵਰਕਰਜ਼ ਉੱਤੇ ਹਮਲਾ ਕਰਨ ਤੋਂ ਪਹਿਲਾਂ ਹੈਂਡਗੰਨ ਵੀ ਕੱਢੀ। ਚਾਰਾਂ ਮਸ਼ਕੂਕਾਂ ਨੇ ਦੁਕਾਨ ਵਿੱਚੋਂ ਨਾਰਕੋਟਿਕਸ ਤੇ ਨਕਦੀ ਲੁੱਟ ਲਈ।

ਪੁਲਿਸ ਅਧਿਕਾਰੀਆਂ ਨੇ ਮਸ਼ਕੂਕਾਂ ਦੀ ਗੱਡੀ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਪਰ ਉਹ ਉੱਥੋਂ ਭੱਜ ਗਏ। ਪੁਲਿਸ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਪਿੱਛਾ ਕੀਤੇ ਜਾਣ ਤੋਂ ਬਾਅਦ ਮਸ਼ਕੂਕ ਟਰੈਫਲਗਰ ਰੋਡ, ਜੋ ਕਿ ਡੰਡਾਸ ਸਟਰੀਟ ਦੇ ਦੱਖਣ ਵਿੱਚ ਹੈ, ਉੱਤੇ ਰੁਕੇ ਤੇ ਉਨ੍ਹਾਂ ਦੀ ਟੱਕਰ ਪੁਲਿਸ ਕਰੂਜ਼ਰ ਨਾਲ ਵੀ ਹੋਈ। ਇਲਾਕੇ ਵਿੱਚੋਂ ਚਾਰ ਮਸ਼ਕੂਕਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ। ਪੁਲਿਸ ਨੇ ਦੱਸਿਆ ਕਿ 14 ਤੋਂ 16 ਸਾਲ ਦੇ ਤਿੰਨ ਤੇ 18 ਸਾਲਾਂ ਦੇ ਲੜਕੇ ਉੱਤੇ ਡਾਕਾ ਮਾਰਨ, ਹਥਿਆਰ ਰੱਖਣ ਤੇ ਡਰਾਈਵਿੰਗ ਸਬੰਧੀ ਕਈ ਚਾਰਜਿਜ਼ ਲਾਏ ਗਏ ਹਨ। ਜਾਂਚਕਾਰ ਇਹ ਪਤਾ ਲਾਉਣ ਦੀ ਕੋਸ਼ਿਸ਼ ਵੀ ਕਰ ਰਹੇ ਹਨ ਕਿ ਇਹੋ ਗਰੁੱਪ ਪਿੱਛੇ ਜਿਹੇ ਹੋਏ ਹੋਰ ਡਾਕਿਆ ਲਈ ਜ਼ਿੰਮੇਵਾਰ ਤਾਂ ਨਹੀਂ।

MagGas Medical Brampton
MGM
MAGGAS MEDICAL INC.
Helping you breathe deep and rest easy.
CPAP ਮਸ਼ੀਨ, ਮਾਸਕ ਅਤੇ ਸਪਲਾਈ
ਮੁਫ਼ਤ ਸਲਾਹ
(647) 954-9885
20 Maritime Ont Blvd Unit 15
Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਫਰੀ ਪਿਕਅਪ
Best Rates For Lessons
647-998-7500
ਬਲਵਿੰਦਰ

NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance
SIMRAN SAINI
416.994.7272
www.allkindinsurance.com

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

HELPING YOU PLAN TODAY...FOR TOMORROW
Supervisa / Visitor Insurance
Life / Mortgage/Funeral Insurance
Disability Insurance
Critical Illness Insurance
RESP / RRSP
JATINDERBIR S BAJWA Insurance Broker
Dir: 647-928-4990
#25-831 Bovaird Dr. W. Brampton, ON L6X0T9 | www.ufsinsurance.com

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Canada Consumer Credit Assistance
ਕਰਜ਼ਾ ਰਹਿਤ ਜ਼ਿੰਦਗੀ ਜੀਓ
ਕਰਜ਼ੇ ਦੀ ਸਿਰਦਰਦੀ ?
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available
1888 864 3131
Jasbir Singh Hundal Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
Mouse & Rats, Spiders & Fleas, Bedbugs, Wasps, Cockroaches, Carpenter Ants, Silver Fish, Racoons
Call : PARESH PATEL
416 938 4598

KELLEY LAW OFFICE
Immigration
Family Law
Corporate
Power of Attorney/Affidavit /Attestations
Real Estate
Business Closing
Wills & Estate
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
Purchase || Refinance || Major Banks / Credit Unions || Private Lenders || Second Mortgages-Lowest 6.99 %
Cell: 416-841-4218 Tel: 905-216-5563
Avon Financial
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law
Wills & Estates
Power of Attorney
Affidavits Notarization / Declaration
Business Law
Family Law
Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਕੀਤਾ ਏਕਾ ਕਿਸਾਨਾਂ ਦਿਆਂ ਆਗੂਆਂ ਨੇ,
ਖੱਪਾ ਪਾਟਕ ਦਾ ਲਿਆ ਕੁਝ ਭਰ ਮੀਆਂ।
ਕੁਝ ਕੁਝ ਅੰਦਰ ਦੀ ਰਹੂ ਜੇ ਖਹਿਬਾਜ਼ੀ,
ਉਹ ਸਭਅੰਦਰ ਹੀ ਲੈਣਗੇ ਜਰ ਮੀਆਂ।
ਆਪਸੀ ਕਿੜਾਂ ਵੀ ਛੱਡ ਕੇ ਜ਼ੋਰ ਲਾਉਣਾ,
ਰੁਖ ਜਿਹਾ ਦਿੱਲੀ ਦਾ ਲੈਣਗੇ ਕਰ ਮੀਆਂ।
ਜਿੱਤੀ ਪਈ ਜਿੰਨੀ ਪ੍ਰਾਪਤੀ ਭੁੱਲ ਗਏ ਸੀ,
ਮੁੜ ਕੇ ਜਿੱਤਣ ਦੇ ਖੁੱਲ੍ਹਣਗੇ ਦਰ ਮੀਆਂ।
ਤਦ ਵੀ ਖੜਾ ਖਤਰਾ ਅਜੇਸਿਰਾਂ ਉੱਪਰ,
ਵਿਰੋਧੀ ਲੈਣ ਨਾ ਲੱਭ ਕੋਈ ਰਾਹ ਮੀਆਂ।
ਰਹਿਣਾ ਚੌਕਸ ਫਿਰ ਪਊਗਾ ਲੀਡਰਾਂ ਨੂੰ,
ਵਿੱਚੋਂ ਲਾਵੇ ਨਹੀਂ ਕੋਈ ਵੀ ਢਾਹ ਮੀਆਂ।

**ਤੀਸ ਮਾਰ ਖਾਂ**

# ਅਮਰੀਕਾ ਵਿਚ ਵਿਵੇਕ ਰਾਮਾਸਵਾਮੀ ਰਾਸ਼ਟਰਪਤੀ ਚੋਣ ਦੀ ਦਾਅਵੇਦਾਰੀ ਤੋਂ ਹਟੇ, ਨਹੀਂ ਲੜਨਗੇ ਚੋਣ

ਵਾਸ਼ਿੰਗਟਨ, 16 ਜਨਵਰੀ (ਪੋਸਟ ਬਿਊਰੋ): ਭਾਰਤੀ ਮੂਲ ਦੇ ਵਿਵੇਕ ਰਾਮਾਸਵਾਮੀ ਰਾਸ਼ਟਰਪਤੀ ਦੀ ਚੋਣ ਨਹੀਂ ਲੜਨਗੇ। ਅਜੋਕੇ ਸਮੇਂ ਵਿੱਚ ਉਹ ਆਪਣੀ ਉਮੀਦਵਾਰੀ ਨੂੰ ਲੈ ਕੇ ਕਾਫੀ ਸਰਗਰਮ ਸਨ। ਉਹ ਵੀ ਲਗਾਤਾਰ ਚੋਣ ਪ੍ਰਚਾਰ ਵਿਚ ਲੱਗੇ ਹੋਏ ਸਨ। ਪਰ ਹੁਣ ਉਸ ਨੇ ਖੁਦ ਅਮਰੀਕੀ ਰਾਸ਼ਟਰਪਤੀ ਚੋਣਾਂ ਲਈ ਆਪਣੀ ਉਮੀਦਵਾਰੀ ਰੱਦ ਕਰ ਦਿੱਤੀ ਹੈ। ਉਹ ਹੁਣ ਚੋਣ ਨਹੀਂ ਲੜਨਗੇ। ਜਾਣਕਾਰੀ ਮੁਤਾਬਕ ਰਾਮਾਸਵਾਮੀ ਨੇ ਖੁਦ ਮੰਗਲਵਾਰ ਨੂੰ ਇਹ ਜਾਣਕਾਰੀ ਦਿੱਤੀ। ਉਹ ਹੁਣ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਬਿਨ੍ਹਾਂ ਚੋਣ ਲੜੇ ਸਮਰਥਨ ਦੇਣਗੇ। ਵਿਵੇਕ ਰਾਮਾਸਵਾਮੀ ਨੇ ਸੋਮਵਾਰ ਨੂੰ ਰਾਸ਼ਟਰਪਤੀ ਅਹੁਦੇ ਦੀ ਦੌੜ ਤੋਂ ਹਟਣ ਦਾ ਐਲਾਨ ਕੀਤਾ।



ਉਮੀਦਵਾਰੀ ਤੋਂ ਵਾਪਸੀ ਦਾ ਐਲਾਨ ਕਰਦੇ ਹੋਏ ਰਾਮਾਸਵਾਮੀ ਨੇ ਕਿਹਾ ਕਿ ਹੁਣ ਉਨ੍ਹਾਂ ਲਈ ਕੋਈ ਵਿਕਲਪ ਨਹੀਂ ਬਚਿਆ ਹੈ। ਦਰਅਸਲ, 15 ਜਨਵਰੀ ਨੂੰ ਰਿਪ-ਬਲਿਕਨ ਪਾਰਟੀ ਦੀ ਉਮੀਦਵਾਰੀ ਲਈ ਪਹਿਲੀ ਕਾਕਸ ਦਾ ਆਯੋਜਨ ਕੀਤਾ ਗਿਆ ਸੀ। ਇਹ ਕਾਕਸ ਆਇਓਵਾ ਵਿੱਚ ਹੋਇਆ ਸੀ ਅਤੇ ਡੋਨਾਲਡ ਟਰੰਪ ਨੇ ਇਸ ਵਿੱਚ ਜਿੱਤ ਪ੍ਰਾਪਤ ਕੀਤੀ ਸੀ। ਮੰਗਲਵਾਰ ਸਵੇਰੇ (ਭਾਰਤੀ ਸਮੇਂ ਅਨੁਸਾਰ) ਉਹ ਅਮਰੀਕੀ ਰਾਜ ਆਇਓਵਾ ਵਿਚ ਰਿਪਬਲਿਕਨ ਪਾਰਟੀ ਤੋਂ ਨਾਮਜ਼ਦਗੀ ਲਈ ਚੋਣ ਹਾਰ ਗਏ। ਇਸ ਵਿੱਚ ਡੋਨਾਲਡ ਟਰੰਪ ਨੇ ਭਾਰੀ ਬਹੁਮਤ ਨਾਲ ਜਿੱਤ ਹਾਸਿਲ ਕੀਤੀ। ਅਮਰੀਕੀ ਮੀਡੀਆ ਮੁਤਾਬਕ ਵਿਵੇਕ ਇਸ ਰੇਸ ਵਿਚ ਚੌਥੇ ਸਥਾਨ 'ਤੇ ਰਹੇ।

ਵਿਵੇਕ ਰਾਮਾਸਵਾਮੀ ਨੇ ਰਾਸ਼ਟਰਪਤੀ ਅਹੁਦੇ ਦੇ ਉਮੀਦਵਾਰ ਬਣਨ ਦੀ ਦੌੜ ਤੋਂ ਬਾਹਰ ਆਉਂਦੇ ਹੋਏ ਕਿਹਾ ਕਿ ਮੇਰੇ ਲਈ ਰਾਸ਼ਟਰਪਤੀ ਬਣਨ ਦਾ ਕੋਈ ਰਸਤਾ ਨਹੀਂ ਹੈ, ਇਸ ਲਈ ਮੈਂ ਆਪਣਾ ਪ੍ਰਚਾਰ ਖਤਮ ਕਰ ਰਿਹਾ ਹਾਂ। ਵਿਵੇਕ ਰਾਮਾਸਵਾਮੀ ਕੱਲ੍ਹ ਅਮਰੀਕਾ ਦੇ ਨਿਊ ਹੈਂਪਸ਼ਾਇਰ 'ਚ ਟਰੰਪ ਨਾਲ ਰੈਲੀ ਕਰਨਗੇ।

# ਆਇਓਵਾ ਕਾਕਸ ਵਿਚ ਡੋਨਾਲਡ ਟਰੰਪ ਦੀ ਵੱਡੀ ਜਿੱਤ, ਰਾਸ਼ਟਰਪਤੀ ਉਮੀਦਵਾਰ ਬਣਨ ਵੱਲ ਵਧਿਆ ਕਦਮ

ਵਾਸ਼ਿੰਗਟਨ, 16 ਜਨਵਰੀ (ਪੋਸਟ ਬਿਊਰੋ): ਅਮਰੀਕਾ ਵਿਚ ਰਾਸ਼ਟਰਪਤੀ ਚੋਣਾਂ ਦਾ ਸਮਾਂ ਹੌਲੀ-ਹੌਲੀ ਨੇੜੇ ਆ ਰਿਹਾ ਹੈ। ਇਸ ਦੇ ਨਾਲ ਹੀ ਰਿਪਬਲਿਕਨ ਪਾਰਟੀ ਵਲੋਂ ਰਾਸ਼ਟਰਪਤੀ ਅਹੁਦੇ ਦੇ ਉਮੀਦਵਾਰ ਦੀ ਦੌੜ ਵੀ ਸ਼ੁਰੂ ਹੋ ਗਈ ਹੈ। ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਇੱਕ ਵਾਰ ਫਿਰ ਚੋਣਾਂ ਵਿੱਚ ਜਿੱਤ ਦਾ ਦਾਅਵਾ ਕਰ ਰਹੇ ਹਨ। ਉਮੀਦਵਾਰੀ ਦੀ ਦੌੜ ਸ਼ੁਰੂ ਹੁੰਦੇ ਹੀ ਡੋਨਾਲਡ ਟਰੰਪ ਨੂੰ ਵੱਡੀ ਜਿੱਤ ਮਿਲੀ ਹੈ। ਟਰੰਪ ਨੂੰ ਆਇਓਵਾ ਕਾਕਸ ਵਿਚ ਵੱਡੀ ਜਿੱਤ ਮਿਲੀ ਹੈ, ਜਿਸ ਨੇ ਆਉਣ ਵਾਲੀਆਂ ਰਾਸ਼ਟਰਪਤੀ ਚੋਣਾਂ ਵਿਚ ਰਿਪਬਲਿਕਨ ਪਾਰਟੀ ਦੇ ਉਮੀਦਵਾਰ ਨੂੰ ਚੁਣਨ ਦੀ ਲੰਬੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ।
ਟਰੰਪ ਨੇ ਸੋਮਵਾਰ ਨੂੰ ਆਇਓਵਾ ਕਾਕਸ ਜਿੱਤ ਲਿਆ। ਇੱਥੇ ਉਸ ਨੂੰ



ਆਪਣੇ ਵਿਰੋਧੀਆਂ ਨਾਲੋਂ ਵੱਧ ਵੋਟਾਂ ਮਿਲੀਆਂ ਹਨ। ਆਇਓਵਾ ਕਾਕਸ ਵਿੱਚ ਦੂਜੇ ਸਥਾਨ ਲਈ ਫਲੋਰੀਡਾ ਦੇ ਗਵਰਨਰ ਰੌਨ ਡੀਸੈਂਟਿਸ ਅਤੇ ਸੰਯੁਕਤ ਰਾਸ਼ਟਰ ਦੀ ਸਾਬਕਾ ਰਾਜਦੂਤ ਨਿੱਕੀ ਹੈਲੀ ਵਿਚਕਾਰ ਮੁਕਾਬਲਾ ਹੈ, ਜੋ ਪਾਰਟੀ ਦੀ ਉਮੀਦਵਾਰ ਬਣਨ ਦੀ ਦੌੜ ਵਿੱਚ ਸ਼ਾਮਲ ਇਕਲੌਤੀ ਮਹਿਲਾ ਹੈ। ਇਹ ਦੋਵੇਂ ਟਰੰਪ ਦੇ ਬਦਲ ਵਜੋਂ ਇਕ ਦੂਜੇ ਨਾਲ ਮੁਕਾਬਲਾ ਕਰ ਰਹੇ ਹਨ। ਆਇਓਵਾ ਕਾਕਸ ਲਈ ਸੋਮਵਾਰ ਨੂੰ ਕੜਾਕੇ ਦੀ ਠੰਡ ਵਿੱਚ ਵੋਟਰ ਨਿਕਲੇ। ਕਾਕਸ ਦੀ ਮੀਟਿੰਗ ਸਥਾਨਕ ਸਮੇਂ ਅਨੁਸਾਰ ਰਾਤ 8 ਵਜੇ ਸ਼ੁਰੂ ਹੋਈ। ਕਾਕਸ ਦੇ ਭਾਗੀਦਾਰ 1,500 ਤੋਂ ਵੱਧ ਸਕੂਲਾਂ, ਚਰਚਾਂ ਅਤੇ ਕਮਿਊਨਿਟੀ ਸੈਂਟਰਾਂ ਵਿੱਚ ਆਪਣੇ ਵਿਚਾਰ ਰੱਖਣ ਅਤੇ ਇੱਕ ਗੁਪਤ ਵੋਟ ਪਾਉਣ ਲਈ ਇਕੱਠੇ ਹੋਏ। ਜਿਸ ਵਿੱਚ ਟਰੰਪ ਨੇ ਵੱਡੀ ਜਿੱਤ ਦਰਜ ਕੀਤੀ।

# ਅਸੀਂ ਸਾਰੇ ਧਰਮਾਂ ਦਾ ਸਤਿਕਾਰ ਕਰਦੇ ਹਾਂ, ਭਾਜਪਾ ਨੇ 22 ਜਨਵਰੀ ਦੇ ਪ੍ਰੋਗਰਾਮ ਨੂੰ ਸਿਆਸੀ ਬਣਾਇਆ : ਰਾਹੁਲ

ਚੰਡੀਗੜ੍ਹ, 16 ਜਨਵਰੀ (ਪੋਸਟ ਬਿਊਰੋ): ਰਾਹੁਲ ਗਾਂਧੀ ਦੀ ਭਾਰਤ ਜੋੜੋ ਨਿਆਂ ਯਾਤਰਾ ਦਾ ਅੱਜ ਤੀਜਾ ਦਿਨ ਹੈ। ਇਹ ਯਾਤਰਾ ਮੰਗਲਵਾਰ ਸਵੇਰੇ ਨਾਗਾਲੈਂਡ ਦੀ ਰਾਜਧਾਨੀ ਕੋਹਿਮਾ ਦੇ ਵਿਸਵੇਮਾ ਇਲਾਕੇ ਤੋਂ ਸ਼ੁਰੂ ਹੋਈ। ਰਾਹੁਲ ਗਾਂਧੀ ਸੋਮਵਾਰ ਸ਼ਾਮ ਨੂੰ ਨਾਗਾਲੈਂਡ ਪਹੁੰਚੇ। ਸਵੇਰੇ ਰਾਹੁਲ ਗਾਂਧੀ ਨੇ ਸਥਾਨਕ ਲੋਕਾਂ ਨਾਲ ਮੁਲਾਕ-ਾਤ ਕੀਤੀ ਅਤੇ ਮੁਲਾਕਾਤ ਤੋਂ ਬਾਅਦ ਕੋਹਿਮਾ ਤੋਂ ਆਪਣੀ ਯਾਤਰਾ ਜਾਰੀ ਰੱਖੀ।



ਇਸਦੇ ਨਾਲ ਹੀ ਰਾਮ ਮੰਦਰ ਪ੍ਰਾਣ ਪ੍ਰਤਿਸ਼ਠਾ ਪ੍ਰੋਗਰਾਮ ਬਾਰੇ ਰਾਹੁਲ ਗਾਂਧੀ ਨੇ ਕਿਹਾ, 'ਆਰਐਸਐਸ ਅਤੇ ਭਾਜਪਾ ਨੇ 22 ਜਨਵਰੀ ਦੇ ਪ੍ਰੋਗਰਾਮ ਨੂੰ ਪੂਰੀ ਤਰ੍ਹਾਂ ਨਾਲ ਸਿਆਸੀ ਨਰਿੰਦਰ ਮੋਦੀ ਦਾ ਪ੍ਰੋਗਰਾਮ ਬਣਾ ਦਿੱਤਾ ਹੈ। ਇਹ ਆਰਐਸਐਸ ਅਤੇ ਭਾਜਪਾ ਦਾ ਪ੍ਰੋਗਰਾਮ ਹੈ ਅਤੇ ਮੈਨੂੰ ਲੱਗਦਾ ਹੈ ਕਿ ਇਸ ਲਈ ਕਾਂਗਰਸ ਪ੍ਰਧਾਨ ਇਸ ਪ੍ਰੋਗਰਾਮ ਵਿੱਚ ਨਹੀਂ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅਸੀਂ ਸਾਰੇ ਧਰਮਾਂ ਦਾ ਸਤਿਕਾਰ ਕਰਦੇ ਹਾਂ। ਹਿੰਦੂ ਧਰਮ ਦੇ ਸਭ ਤੋਂ ਵੱਡੇ ਗੁਰੂਆਂ ਨੇ ਵੀ ਆਪਣੇ ਵਿਚਾਰ ਜਨਤਕ ਕਰਦਿਆਂ ਕਿਹਾ ਹੈ ਕਿ 22 ਜਨਵਰੀ ਦਾ ਪ੍ਰੋਗਰਾਮ ਸਿਆਸੀ ਪ੍ਰੋਗਰਾਮ ਹੈ। ਅਜਿਹੇ 'ਚ ਪ੍ਰਧਾਨ ਮੰਤਰੀ ਅਤੇ ਆਰ.ਐੱਸ.ਐੱਸ. ਦੇ ਆਲੇ-ਦੁਆਲੇ ਬਣੇ ਅਜਿਹੇ ਪ੍ਰੋਗਰਾਮ 'ਚ ਸ਼ਾਮਲ ਹੋਣਾ ਸਾਡੇ ਲਈ ਮੁਸ਼ਕਿਲ ਹੈ।

# ਫਰਾਂਸ ਵਿਚ ਵਿਦੇਸ਼ੀ ਇਮਾਮਾਂ ਦੇ ਦਾਖਲੇ 'ਤੇ ਪਾਬੰਦੀ, ਕੱਟੜਵਾਦ ਖਿਲਾਫ ਫਰਾਂਸ ਸਰਕਾਰ ਦਾ ਵੱਡਾ ਐਲਾਨ

ਪੈਰਿਸ, 16 ਜਨਵਰੀ (ਪੋਸਟ ਬਿਊਰੋ): ਫਰਾਂਸ ਨੇ 2024 ਵਿੱਚ ਵਿਦੇਸ਼ੀ ਫੰਡ ਪ੍ਰਾਪਤ ਕਰਨ ਵਾਲੇ ਇਮਾਮਾਂ ਦੇ ਦਾਖਲੇ 'ਤੇ ਪਾਬੰਦੀ ਲਗਾ ਦਿੱਤੀ ਹੈ। ਇੰਨਾ ਹੀ ਨਹੀਂ ਫਰਾਂਸ 'ਚ ਰਹਿਣ ਵਾਲੇ ਵਿਦੇਸ਼ੀ ਇਮਾਮਾਂ 'ਚ ਹੁਣ ਸਿਰਫ ਉਨ੍ਹਾਂ ਵਿਦੇਸ਼ੀ ਇਮਾਮਾਂ ਨੂੰ ਹੀ ਰਹਿਣ ਦੀ ਇਜਾਜ਼ਤ ਦਿੱਤੀ ਜਾਵੇਗੀ ਜੋ ਫਰਾਂਸੀਸੀ ਮੁਸਲਿਮ ਐਸੋਸੀਏਸ਼ਨ ਤੋਂ ਤਨਖਾਹ ਲੈਂਦੇ ਹਨ।

ਵਿਦੇਸ਼ਾਂ ਤੋਂ ਫੰਡ ਪ੍ਰਾਪਤ ਕਰਨ ਵਾਲੇ ਵਿਦੇਸ਼ੀ ਇਮਾਮਾਂ 'ਤੇ ਫਰਾਂਸ ਵਿਚ ਪਾਬੰਦੀ ਦੇ ਬਾਰੇ ਵਿਚ ਫਰਾਂਸ ਦੇ ਗ੍ਰਹਿ ਮੰਤਰੀ ਨੇ ਕਿਹਾ ਕਿ ਇਹ ਹੁਕਮ ਇਸ ਸਾਲ ਜਨਵਰੀ ਤੋਂ ਲਾਗੂ ਹੋ ਗਿਆ ਹੈ। ਇਸ ਦੇ ਨਾਲ ਹੀ



ਵਿਦੇਸ਼ਾਂ ਤੋਂ ਤਨਖਾਹ ਲੈਣ ਵਾਲੇ ਵਿਦੇਸ਼ੀ ਇਮਾਮਾਂ ਨੂੰ ਹੁਣ ਫਰਾਂਸ ਦੀ ਸਰਹੱਦ 'ਚ ਦਾਖਲ ਹੋਣ ਦੀ ਇਜਾਜ਼ਤ ਨਹੀਂ ਹੋਵੇਗੀ। ਫਰਾਂਸ ਹੁਣ ਸਥਾਨਕ ਪੱਧਰ 'ਤੇ ਇਮਾਮਾਂ ਨੂੰ ਸਿਖਲਾਈ ਦੇਵੇਗਾ।



REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
Lic#10584
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ',
ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
How your spouse can join you within 4-6 months
How your parents can join you
How students & skilled people can come to Canada
How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਪੰਜਾਬ ਦੇ 23 ਜਿਲਿਆਂ ਦੇ ਸਕੂਲਾਂ ਦੇ ਸੈਕੜੇ ਬਾਲ ਲੇਖਕਾਂ ਦੀਆਂ 9 ਹਜ਼ਾਰ ਰਚਨਾਵਾਂ ਬਣਨਗੀਆਂ ਕਿਤਾਬਾਂ ਦਾ ਸਿੰਗਾਰ

## ਕੈਨੇਡਾ ਸਮੇਤ ਹੋਰ ਦੇਸ਼ਾਂ ਦੇ ਬਾਲ ਲੇਖਕਾਂ ਦੀਆਂ ਵੀ ਛਾਪੀਆਂ ਜਾਣਗੀਆਂ 8 ਕਿਤਾਬਾਂ



ਜਲੰਧਰ, 16 ਜਨਵਰੀ (ਪੋਸਟ ਬਿਊਰੋ): ਪੰਜਾਬ ਵਿਚ ਜਦੋਂ ਨਵੀਂ ਪਨੀਰੀ ਦੇ ਸਹਿਤਕ ਖੇਤਰ ਦੀਆਂ ਰੁਚੀਆਂ ਜਾਂ ਕਿਤਾਬਾਂ ਨਾਲੋਂ ਟੁੱਟ ਕੇ ਸਿਰਫ਼ ਕੰਪਿਊਟਰ ਦੇ ਕੀਬੋਰਡ ਨਾਲ ਹੀ ਜੁੜ ਕੇ ਰਹਿ ਜਾਣ ਦੀਆਂ ਗੱਲਾਂ ਹੋ ਰਹੀਆਂ ਹੋਣ, ਉਸ ਸਮੇਂ ਰਾਜ ਦੇ ਸਕੂਲਾਂ 'ਚੋਂ ਕਹਾਣੀਆਂ ਜਾਂ ਕਵਿਤਾਵਾਂ ਲਿਖਣ ਦਾ ਸ਼ੌਂਕ ਰੱਖਣ ਵਾਲੇ ਬੱਚਿਆਂ ਨੂੰ ਲੱਭ ਕੇ ਉਨ੍ਹਾਂ ਦੀਆਂ ਲਿਖਤਾਂ ਨੂੰ ਕਿਤਾਬਾਂ 'ਚ ਪਰੋਇਆ ਜਾਵੇ ਤਾਂ ਕਿ ਉਹ ਉਤਸਾਹਿਤ ਹੋ ਸਕਣ ਤੇ ਛਪਣ ਵਾਲੀਆਂ ਲਿਖਤਾਂ ਦੀ ਗਿਣਤੀ ਸੈਕੜੇ ਨਹੀਂ ਹਜ਼ਾਰਾਂ 'ਚ ਹੋਵੇਗੀ ਸ਼ਾਇਦ ਇਹ ਸੁਣਕੇ ਪਹਿਲੀ ਵਾਰ ਯਕੀਨ ਨਹੀਂ ਆਵੇਗਾ, ਪਰ ਇਹ ਸੱਚ ਹੈ ਤੇ ਬਾਲੜਿਆਂ ਦਾ ਇਹ ਸੁਪਨਾ ਪੰਜਾਬ ਭਵਨ ਸਰੀ ਕੈਨੇਡਾ ਵਲੋਂ ਪੂਰਾ ਕੀਤੇ ਜਾਣ ਵੱਲ ਵੱਡਾ ਕਦਮ ਚੁੱਕਿਆ ਗਿਆ। ਇਹ ਵੀ ਗੱਲ ਹੈਰਾਨ ਕਰ ਦੇਵੇਗੀ ਕਿ ਇਹ ਵੱਡਾ ਤੇ ਅਹਿਮ ਕਦਮ ਵਿਦੇਸ਼ 'ਚ ਬੈਠਾ ਇਕ ਪ੍ਰਵਾਸੀ ਪੰਜਾਬੀ ਪੂਰਾ ਕਰਨ ਵੱਲ ਤੁਰਿਆ, ਜਿਥੇ ਆਮ ਪੰਜਾਬੀਆਂ ਦੇ ਮਨ 'ਚ ਇਹ ਤੌਖਲਾ ਹੈ ਕਿ ਵਿਦੇਸ਼ਾਂ 'ਚ ਵਸੇ ਪੰਜਾਬੀ ਆਪਣੀ ਮਾਂ ਬੋਲੀ ਜਾਂ ਪੰਜਾਬੀ ਸਾਹਿਤ ਨਾਲੋਂ ਟੁੱਟ ਚੁੱਕੇ ਹਨ ਇਹ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਭਵਨ ਸਰੀ/ਜਲੰਧਰ ਦੇ ਮੁੱਖ ਪ੍ਰਬੰਧਕ ਤੇ ਕੈਨੇਡਾ ਦੇ ਉਘੇ ਬਿਜ਼ਨਸਮੈਨ ਸੁੱਖੀ ਬਾਠ ਨੇ ਦੱਸਿਆ ਕਿ ਪੰਜਾਬ ਭਵਨ ਕੈਨੇਡਾ ਤੋਂ ਵਿਦੇਸ਼ਾਂ 'ਚ ਵਸੇ ਪੰਜਾਬੀਆਂ ਨੂੰ ਆਪਣੀ ਮਾਂ ਬੋਲੀ, ਵਿਰਸੇ ਤੇ ਵਿਰਾਸਤ ਨਾਲ ਜੋੜੀ ਰੱਖਣ ਲਈ ਉਪਰਾਲਿਆਂ ਦੇ ਨਾਲ ਨਾਲ ਪੰਜਾਬ 'ਚ ਵੀ ਨਵੀਂ ਪਨੀਰੀ ਨੂੰ ਮਾਂ ਬੋਲੀ ਤੇ ਸਾਹਿਤ ਪੜ੍ਹਨ ਤੇ ਰਚਣ ਵੱਲ ਉਤਸਾਹਿਤ ਕਰਨ ਲਈ ਸਮੇਂ -ਸਮੇਂ ਅਜਿਹੇ ਯਤਨ ਕੀਤੇ ਜਾਂਦੇ ਹਨ ਉਨ੍ਹਾਂ ਦੱਸਿਆ ਕਿ ਇਹ ਬੱਚਿਆਂ ਦੀਆਂ ਲਿਖਤਾਂ ਨਾਲ ਸਬੰਧਤ ਪੰਜਾਬ ਭਵਨ ਵਲੋਂ 100 ਕਿਤਾਬਾਂ ਛਾਪਣ ਦਾ ਫ਼ੈਸਲਾ ਲਿਆ ਗਿਆ ਤੇ ਸਕੂਲਾਂ 'ਚ ਇਹ ਮੁਹਿੰਮ ਸ਼ੁਰੂ ਵੀ ਹੋ ਚੁੱਕੀ ਹੈ ਉਨ੍ਹਾਂ ਦੱਸਿਆ ਕਿ ਕੈਨੇਡਾ 'ਚ ਹੋਈ ਵਿਸ਼ਵ ਪੰਜਾਬੀ ਕਾਨਫਰੰਸ ਦੌਰਾਨ ਇਹ ਫ਼ੈਸਲਾ ਲਿਆ ਗਿਆ ਸੀ ਤੇ ਇਸ ਦੀ ਸ਼ੁਰੂਆਤ ਕਾਨਫਰੰਸ ਮੌਕੇ ਜਾਰੀ ਕੀਤੀ ਬੱਚਿਆਂ ਦੀ ਪਹਿਲੀ ਕਿਤਾਬ "ਨਵੀਆਂ ਕਲਮਾਂ, ਨਵੀਂ ਉਡਾਣ" ਕਾਨਫਰੰਸ ਮੌਕੇ ਰਿਲੀਜ਼ ਕਰਕੇ ਕੀਤੀ ਗਈ ਸੀ ਉਨ੍ਹਾਂ ਦੱਸਿਆ ਇਸ ਕਿਤਾਬ ਲਈ ਬੱਚਿਆਂ ਵਲੋਂ ਦਿਖਾਏ ਉਤਸ਼ਾਹ ਤੋਂ ਬਾਅਦ ਪੰਜਾਬ ਭਵਨ ਦੀ ਟੀਮ ਵਲੋਂ ਹਰ ਜ਼ਿਲ੍ਹੇ 'ਚੋਂ ਬੱਚਿਆਂ ਦੀਆਂ ਰਚਨਾਵਾਂ ਦੀਆਂ ਚਾਰ ਚਾਰ ਕਿਤਾਬਾਂ ਛਾਪਣ ਦਾ ਕਦਮ ਚੁੱਕਿਆ ਗਿਆ ਤੇ ਇਸ ਯੋਜਨਾ ਲਈ ਹਰ ਜ਼ਿਲ੍ਹੇ 'ਚ ਇਕ ਪੰਜ -ਪੰਜ ਮੈਂਬਰੀ ਕਮੇਟੀ ਵੀ ਗਠਿਤ ਕੀਤੀ ਜਾ ਰਹੀ ਹੈ ਉਨ੍ਹਾਂ ਦੱਸਿਆ ਕਿ 23 ਜਿਲਿਆਂ 'ਚੋਂ 92 ਕਿਤਾਬਾਂ ਪੰਜਾਬ ਦੇ ਬੱਚਿਆਂ ਦੀਆਂ ਛਾਪੀਆਂ ਜਾਣਗੀਆਂ ਅਤੇ 8 ਕਿਤਾਬਾਂ ਕੈਨੇਡਾ ਸਮੇਤ ਹੋਰ ਦੇਸ਼ਾਂ 'ਚ ਵਸੇ ਪੰਜਾਬੀ ਬੱਚਿਆਂ ਦੀਆਂ ਛਾਪੀਆਂ ਜਾਣਗੀਆਂ ਉਨ੍ਹਾਂ ਦੱਸਿਆ ਕਿ ਬੱਚਿਆਂ ਦੀਆਂ ਕੁੱਲ 9000 ਹਜ਼ਾਰ ਰਚਨਾਵਾਂ ਛਾਪਣ ਦਾ ਟੀਚਾ ਮਿੱਥਿਆ ਗਿਆ ਤਾਂ ਕਿ ਬੱਚੇ ਮਾਂ ਬੋਲੀ ਤੇ ਪੰਜਾਬੀ ਸਾਹਿਤ ਨਾਲ ਜੁੜ ਸਕਣ ਉਨ੍ਹਾਂ ਇਹ ਵੀ ਦੱਸਿਆ ਛਪਣ ਵਾਲੀਆਂ ਕਿਤਾਬਾਂ ਦੀ ਗਿਣਤੀ 30 ਹਜ਼ਾਰ ਹੋਵੇਗੀ ਸੁੱਖੀ ਬਾਠ ਨੇ ਦੱਸਿਆ ਕਿ ਰਚਨਾਵਾਂ ਲਿਖਣ ਵਾਲੇ ਹਰ ਬੱਚੇ ਦਾ ਪੰਜਾਬ ਭਵਨ ਵਲੋਂ ਸਨਮਾਨ ਕੀਤਾ ਜਾਵੇਗਾ ਅਤੇ ਆਉਂਦੇ ਸਮੇਂ 'ਚ ਬਾਲ ਸਾਹਿਤਕਾਰਾਂ ਦੀ ਇਕ ਵਿਸ਼ਵ ਪੱਧਰੀ ਕਾਨਫਰੰਸ ਵੀ ਪੰਜਾਬ ਵਿਚ ਕਰਵਾਈ ਜਾਵੇਗੀ ਉਨ੍ਹਾਂ ਕਿਹਾ ਕਿ ਇਸ ਵੱਡੇ ਉਪਰਾਲੇ ਲਈ ਸਮੁੱਚੇ ਆਰਥਿਕ ਪ੍ਰਬੰਧ ਪੰਜਾਬ ਭਵਨ ਕੈਨੇਡਾ/ਜਲੰਧਰ ਕਰੇਗਾ। ਇਸ ਕਾਰਜ ਲਈ ਸਾਹਿਤਕ ਸੰਸਥਾਵਾਂ ਤੇ ਸਾਹਿਤਕ ਰੁਚੀਆਂ ਰੱਖਣ ਵਾਲੀਆਂ ਸ਼ਖ਼ਸੀਅਤਾਂ ਦਾ ਵਡਮੁੱਲਾ ਸਹਿਯੋਗ ਜਰੂਰ ਲਿਆ ਜਾਵੇਗਾ।

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਨਗਰ ਕੀਰਤਨ



ਅੰਮ੍ਰਿਤਸਰ, 16 ਜਨਵਰੀ (ਗਿਆਨ ਸਿੰਘ): ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸਜਾਏ ਗਏ ਨਗਰ ਕੀਰਤਨ ਦੀ ਆਰੰਭਤਾ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ। ਇਸ ਮੌਕੇ ਗੱਤਕਾ ਅਤੇ ਬੈਂਡ ਪਾਰਟੀਆਂ ਨੇ ਹਾਜ਼ਰੀ ਭਰੀ ਅਤੇ ਸ਼ਬਦੀ ਜਥਿਆਂ ਨੇ ਗੁਰੂ ਸਾਹਿਬ ਜੀ ਦੀ ਉਸਤਤ ਵਿਚ ਗੁਰੂ ਜਸ ਗਾਇਨ ਕੀਤਾ। ਇਸ ਮੌਕੇ ਮੌਜੂਦ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਦਸਮ ਪਾਤਸ਼ਾਹ ਜੀ ਦੇ ਪਾਵਨ ਪ੍ਰਕਾਸ਼ ਗੁਰ-ਪੁਰਬ ਦੀ ਸੰਗਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਦੁਨੀਆ ਦੇ ਧਾਰਮਿਕ ਇਤਿਹਾਸ ਅੰਦਰ ਸ੍ਰੀ ਗੁਰੂ ਗੋਬਿੰਦ ਸਿੰਘ ਦਾ ਜੀਵਨ ਲਾਸਾਨੀ ਅਤੇ ਪ੍ਰੇਰਨਾਦਾਇਕ ਹੈ। ਉਨ੍ਹਾਂ ਸੰਗਤ ਨੂੰ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਖੰਡੇ ਬਾਟੇ ਦਾ ਅੰਮ੍ਰਿਤਪਾਨ ਕਰਕੇ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਪ੍ਰੇਰਨਾ ਕੀਤੀ।

ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਣ ਮਗਰੋਂ ਨਗਰ ਕੀਰਤਨ ਦਾ ਬਜ਼ਾਰ ਮਾਈ ਸੇਵਾਂ, ਬਜ਼ਾਰ ਕਾਠੀਆਂ, ਬਜ਼ਾਰ ਪਾਪੜਾਂ, ਬਜ਼ਾਰ ਬਾਂਸਾਂ, ਚੌਂਕ ਛੱਤੀ ਖੂਹੀ, ਚਾਵਲ ਮੰਡੀ, ਦਾਲ ਮੰਡੀ, ਢਾਬ ਵਸਤੀ ਰਾਮ, ਜੌੜਾ ਪਿੱਪਲ, ਬਜ਼ਾਰ ਲੁਹ-ਾਰਾ, ਚੌਂਕ ਲਛਮਣਸਰ, ਚੌਂਕ ਬਾਬਾ ਸਾਹਿਬ, ਚੌਂਕ ਪਰਾਗਦਾਸ ਆਦਿ ਥਾਵਾਂ 'ਤੇ ਸੰਗਤ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਨਗਰ ਕੀਰਤਨ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਤੋਂ ਇਲਾਵਾ ਮੁੱਖ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ, ਗਿਆਨੀ ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ ਭੂਰਾਕੋਹਨਾ, ਭਾਈ ਅਜਾਇਬ ਸਿੰਘ ਅਭਿਆਸੀ, ਵਧੀਕ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਹਰਭਜਨ ਸਿੰਘ ਵਕਤਾ, ਸੁਪ੍ਰਿੰਟੈਂਡੈਂਟ ਨਿਸ਼ਾਨ ਸਿੰਘ, ਮੈਨੇਜਰ ਬਘੇਲ ਸਿੰਘ, ਨਰਿੰਦਰ ਸਿੰਘ ਮਥਰੇਵਾਲ, ਇਕਬਾਲ ਸਿੰਘ ਮੁਖੀ, ਜਸਪਾਲ ਸਿੰਘ ਢੱਡੇ, ਨਿਸ਼ਾਨ ਸਿੰਘ ਜੱਫਰਵਾਲ, ਯੁਵਰਾਜ ਸਿੰਘ, ਗੁਰਤਿੰਦਰਪਾਲ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕੀਤੀ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜ਼ਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664












## ਦੇਵੀ ਦਿਆਲ ਦੇ ਦੇਹਾਂਤ ’ਤੇ

# ਕਬੱਡੀ ਮੇਲਿਆਂ ਦਾ ਸ਼ਿੰਗਾਰ ਸੀ ਦੇਵੀ ਦਿਆਲ

-ਸਰਵਣ ਸਿੰਘ-

ਬੜਾ ਅਫਸੋਸ ਹੈ ਦੇਵੀ ਦਿਆਲ ਵੀ ਸਰਵਣ ਰਮੀਦੀ ਦੇ ਰਾਹ ਤੁਰ ਗਿਆ। ਦੋਵੇਂ ਕਬੱਡੀ ਦੇ ਧਨੰਤਰ ਖਿਡਾਰੀ ਤੇ ਕਬੱਡੀ ਦੇ ਮੁੱਢਲੇ ਕੋਚ ਸਨ। ਕਬੱਡੀ ਮੇਲਿਆਂ ਵਿਚ ਦੇਵੀ ਦਿਆਲ ਦੀ ਝੰਡੀ ਹੁੰਦੀ ਸੀ। ਉਹ ਵੀਹ ਸਾਲ ਤੇਜ਼ਤਰਾਰ ਕਬੱਡੀ ਖੇਡਿਆ। 1967 ਵਿਚ ਮੈਂ ਉਸ ਨੂੰ ਪਹਿਲੀ ਵਾਰ ਸਮਰਾਲੇ ਕਾਲਜ ਦੇ ਖੇਡ ਮੈਦਾਨ ਵਿਚ ਵੇਖਿਆ ਸੀ। ਉਥੇ ਅਸੀਂ ਢੁੱਡੀਕੇ ਕਾਲਜ ਦੀ ਟੀਮ ਲੈ ਕੇ ਗਏ ਸਾਂ। ਉਦੋਂ ਉਹ ਬੀ. ਏ. ਦਾ ਵਿਦਿਆਰਥੀ ਸੀ। ਸੂਰਜ ਦੀ ਲਿਸ਼ਕੋਰ ਵਿਚ ਉਹਦਾ ਭਖਿਆ ਹੋਇਆ ਗੋਰਾ ਰੰਗ ਲਾਟ ਵਾਂਗ ਜਗ ਰਿਹਾ ਸੀ। ਉਹ ਏਨਾ ਫੁਰਤੀਲਾ ਤੇ ਤਕੜਾ ਨਿਕਲਿਆ ਕਿ ਉਸ ਨੇ ਸਾਡੇ ਜਾਫੀਆਂ ਨੂੰ ਅਸਲੋਂ ਰੋਲ ਦਿੱਤਾ। ਉਹਦੇ ਸਡੌਲ ਸਰੀਰ ਵਰਗਾ ਜੁੱਸਾ ਸ਼ਾਇਦ ਹੀ ਕਿਸੇ ਹੋਰ ਕਬੱਡੀ ਖਿਡਾਰੀ ਦਾ ਹੋਵੇ। ਪੌਣੇ ਛੇ ਫੁੱਟ ਕੱਦ, ਪੰਜਾਸੀ ਕਿੱਲੋ ਵਜ਼ਨ ਤੇ ਗੋਲ ਗੁੰਦਵੇਂ ਪੱਠਿਆਂ ਵਾਲਾ ਗੋਰਾ ਨਿਛੋਹ ਬਦਨ। ਪੱਟਾਂ ਦੀਆਂ ਘੁੱਗੀਆਂ ਤੇ ਡੌਲਿਆਂ ਦੀਆਂ ਮੱਛਲੀਆਂ ਰਾਹ ਜਾਂਦਿਆਂ ਤੋਂ ਸਿਫ਼ਤਾਂ ਕਰਾਉਂਦੀਆਂ। ਉਹ ਤੇਜ਼ੀ ਨਾਲ ਕਬੱਡੀ ਪਾਉਂਦਾ ਜਿਵੇਂ ਸੌ ਮੀਟਰ ਦੀ ਦੌੜ ਲਾ ਰਿਹਾ ਹੋਵੇ। ਜਾਫੀਆਂ ਕੋਲ ਜਾ ਕੇ ਇਕ ਦੋ ਨਿੱਕੀਆਂ ਨਿੱਕੀਆਂ ਚੁੰਗੀਆਂ ਭਰਦਾ ਤੇ ਬਿਜਲੀ ਦੇ ਕਰੰਟ ਵਾਂਗ ਜਾਫੀ ਨੂੰ ਛੋਹ ਕੇ ਪੰਦਰਾਂ ਸਕਿੰਟਾਂ ’ਚ ਈ ਆਪਣੇ ਪਾੜੇ ਪਰਤ ਆਉਂਦਾ। ਦੇਵੀ ਦਿਆਲ ਨੂੰ ਰੋਕਣਾ ਰਾਕਟ ਨੂੰ ਹੱਥ ਪਾਉਣਾ ਸੀ!

ਦੇਵੀ ਦਿਆਲ ਦਾ ਜਨਮ 2 ਦਸੰਬਰ 1947 ਨੂੰ ਪਿੰਡ ਕੁੱਬਾ ਤਹਿਸੀਲ ਸਮਰਾਲਾ ਵਿਚ ਹੋਇਆ ਸੀ। ਉਹ ਅੱਠਵੀਂ ਤਕ ਆਪਣੇ ਪਿੰਡ ਪੜ੍ਹਿਆ ਤੇ ਦਸਵੀਂ ਖ਼ਾਲਸਾ ਸਕੂਲ ਘੁਲਾਲ ਤੋਂ ਕੀਤੀ। ਕਬੱਡੀ ਦੇ ਖਿਡਾਰੀ ਆਮ ਕਰ ਕੇ ਦਸ ਬਾਰਾਂ ਜਮਾਤਾਂ ਪੜ੍ਹਦੇ ਹਨ ਪਰ ਦੇਵੀ ਦਿਆਲ ਨੇ ਐੱਮ. ਏ. ਪਾਸ ਕੀਤੀ। ਮਾਲਵਾ ਕਾਲਜ ਸਮਰਾਲਾ ਪਿੱਛੋਂ ਉਹ ਸਰਕਾਰੀ ਕਾਲਜ ਲੁਧਿਆਣਾ ਤੇ ਡੀ. ਏ. ਵੀ. ਕਾਲਜ ਜਲੰਧਰ ’ਚ ਪੜ੍ਹਿਆ ਜਿਥੇ ਕਬੱਡੀ ਦੀਆਂ ਟਰਾਫੀਆਂ ਜਿਤਾਉਂਦਾ ਰਿਹਾ। ਉਹਦੇ ਨਾਂ ਦੀ ਏਨੀ ਦਹਿਸ਼ਤ ਸੀ ਕਿ ਮੈਚ ਤੋਂ ਪਹਿਲਾਂ ਹੀ ਵਿਰੋਧੀ ਖਿਡਾਰੀ ਦਿਲ ਛੱਡ ਜਾਂਦੇ।

ਉਹਦੀ ਗੁੱਡੀ ਕਿਲਾ ਰਾਇਪੁਰ ਦੀਆਂ ਖੇਲ੍ਹਾਂ ਵਿਚ ਚੜ੍ਹੀ ਸੀ। ਐਟਮ ਬੰਬ ਕਹਾਉਂਦਾ ਤੋਖੀ ਉਦੋਂ ਢਲ਼ ਰਿਹਾ ਸੀ ਪਰ ਦੇਵੀ ਚੜ੍ਹ ਰਿਹਾ ਸੀ। 1973 ਵਿਚ ਇੰਗਲੈਂਡ ਦੀ ਟੀਮ ਪੰਜਾਬ ਵਿਚ ਕਬੱਡੀ ਮੈਚ ਖੇਡਣ ਆਈ ਤਾਂ ਪਹਿਲਾ ਟੈੱਸਟ ਮੈਚ ਵਾਰ ਹੀਰੋਜ਼ ਸਟੇਡੀਅਮ ਸੰਗਰੂਰ ਵਿਚ ਖੇਡਿਆ ਗਿਆ। ਕਬੱਡੀ ਉਦੋਂ ਸਾਹ ਨਾਲ ਪਾਈ ਜਾਂਦੀ ਸੀ। ਦੇਵੀ ਨੇ ਪਹਿਲੀ ਕਬੱਡੀ ਪਾਈ ਤਾਂ ਇੰਗਲੈਂਡ ਦੇ ਜਾਫੀ ਹਿੰਮਤ ਸੋਹੀ ਨੇ ਉਸ ਦੇ ਵੱਟ ਕੇ ਧੌਲ ਮਾਰੀ ਜੋ ਉਹਦੀ ਪੁੜਪੁੜੀ ਵਿਚ ਵੱਜੀ। ਉਹ ਘੁਮੇਟਣੀ ਖਾ ਕੇ ਡਿੱਗ ਪਿਆ ਤੇ ਮੈਚ ਖੇਡਣ ਦੇ ਕਾਬਲ ਨਾ ਰਿਹਾ। ਇੰਗਲੈਂਡ ਦੀ ਟੀਮ 62-60 ਅੰਕਾਂ ਨਾਲ ਮੈਚ ਜਿੱਤੀ। ਜੇਕਰ ਉਹ ਖੇਡਣੋਂ ਆਰੀ ਨਾ ਹੁੰਦਾ ਤਾਂ ਨਤੀਜਾ ਹੋਰ ਹੀ ਹੁੰਦਾ।

ਫਿਰ ਉਹ ਪੰਜਾਬ ਦੀ ਟੀਮ ਨਾਲ ਇੰਗਲੈਂਡ ਕਬੱਡੀ ਖੇਡਣ ਗਿਆ। ਮਾਰਚ ਪਾਸਟ ਵੇਲੇ ਖਿਡਾਰੀਆਂ ਦੇ ਪੱਗਾਂ ਬੱਧੀਆਂ ਸਨ। ਦੇਵੀ ਦਿਆਲ ਵੀ ਗੁਲਾਬੀ ਪੱਗ ਬੰਨ੍ਹ ਕੇ ਢੁੱਕਾ। ਦਰਸ਼ਕ ਵਾਰ ਵਾਰ ਪੁੱਛਦੇ, “ਏਹਨਾਂ ’ਚ ਦੇਵੀ ਦਿਆਲ ਕਿਹੜਾ ਹੋਇਆ ਬਈ? ਪੱਗ ਨਾਲ ਉਹ ਦੇਵੀ ਨੂੰ ਦੇਵੀ ਦਿਆਲ ਨਹੀਂ ਸਨ ਸਮਝ ਰਹੇ। ਉਹ ਵਾਰ ਵਾਰ ਆਖਦੇ, “ਇਹ ਤਾਂ ਨਕਲੀ ਦੇਵੀ ਦਿਆਲ ਆ। ਸਾਨੂੰ ਅਸਲੀ ਦੇਵੀ ਦਿਆਲ ਦਿਖਾਓ!”


ਆਖ਼ਰ ਦੇਵੀ ਦਿਆਲ ਨੇ ਪੱਗ ਉਤਾਰੀ ਤੇ ਅਸਲੀ ਨਕਲੀ ਦਾ ਭੁਲੇਖਾ ਦੂਰ ਕੀਤਾ। ਉਨ੍ਹਾਂ ਦਿਨਾਂ ’ਚ ਉਹ ਢੁੱਡੀਕੇ ਦੇ ਖੇਡ ਮੇਲੇ ਵਿਚ ਕਬੱਡੀ ਖੇਡਣ ਆਇਆ ਤਾਂ ਮੈਨੂੰ ਇੰਗਲੈਂਡ ਦੀਆਂ ਗੱਲਾਂ ਦੱਸਣ ਲੱਗ ਪਿਆ। ਆਖਣ ਲੱਗਾ, “ਪ੍ਰੋਫੈਸਰ ਸਾਹਿਬ, ਏਥੇ ਤਾਂ ਸੁੱਕੇ ਹੱਡ ਰਗੜਾਈ ਦੇ ਆ। ਕਬੱਡੀ ਖੇਡਣ ਦੀ ਲੱਜ਼ਤ ਤਾਂ ਇੰਗਲੈਂਡ ਵਿਚ ਆਉਂਦੀ ਆ। ਓਥੋਂ ਮੈਨੂੰ ਪੰਜ ਹਜ਼ਾਰ ਪੌਂਡ ਮਿਲੇ। ਓਥੇ ਤਾਂ ਕਿਸੇ ਕਬੱਡੀ ਖਿਡਾਰੀ ਦਾ ਵਿਆਹ ਮੰਗਣਾ ਵੀ ਹੋਵੇ ਤਾਂ ਹਜ਼ਾਰ ਹਜ਼ਾਰ ਪੌਂਡ ਸ਼ਗਨਾਂ ਦੇ ਈ ਹੋ ਜਾਂਦੇ ਆ। ਮੈਂ ਤਾਂ ਖ਼ੈਰ ਵਿਆਹਿਆ ਹੋਇਆ ਸੀ। ਇੰਗਲੈਂਡ ’ਚ ਮੈਨੂੰ ਕਈ ਮਾਪਿਆਂ ਨੇ ਕਿਹਾ, “ਕਬੱਡੀ ਦੇ ਚੰਗੇ ਖਿਡਾਰੀਆਂ ਦੀ ਦੱਸ ਪਾ, ਅਸੀਂ ਧੀਆਂ ਵਿਆਹੁਣ ਨੂੰ ਤਿਆਰ ਆਂ!”

1970 ਵਿਚ ਉਹ ਪੰਜਾਬ ਪੰਚਾਇਤੀ ਰਾਜ ਖੇਡ ਪ੍ਰੀਸ਼ਦ ਦਾ ਕਬੱਡੀ ਕੋਚ ਬਣ ਗਿਆ ਸੀ। 2005 ਵਿਚ ਜ਼ਿਲ੍ਹਾ ਖੇਡ ਅਫਸਰ ਦੀ ਪਦਵੀ ਤੋਂ ਰਿਟਾਇਰ ਹੋਇਆ। 1974 ਵਿਚ ਪੰਜਾਬ ਦੀ ਜਿਹੜੀ ਟੀਮ ਵਲਾਇਤ ਕਬੱਡੀ ਖੇਡਣ ਗਈ ਉਹਦਾ ਉਹ ਮੀਤ ਕਪਤਾਨ ਸੀ। ਇੰਗਲੈਂਡ ਜਿਸ ਨੂੰ ਬੀਅਰ ਸ਼ਰਾਬ ਦਾ ਘਰ ਕਿਹਾ ਜਾਂਦਾ ਹੈ ਉਥੇ ਵੀ ਦੇਵੀ ਦਿਆਲ ਬੀਅਰ ਸ਼ਰਾਬ ਪੀਣੋਂ ਬਚਿਆ ਰਿਹਾ ਸੀ। ਮੈਂ ਉਸ ਦੇ ਸੋਹਣੇ ਪਾਲੇ ਹੋਏ ਜੁੱਸੇ ਦਾ ਰਾਜ਼ ਜਾਣਨ ਲਈ ਉਸ ਦੀ ਖਾਧ ਖ਼ੁਰਾਕ ਪੁੱਛੀ ਤਾਂ ਉਹਨੇ ਦੱਸਿਆ ਸੀ ਕਿ ਉਹ ਦੁੱਧ ਅਤੇ ਫਲਾਂ ਦਾ ਜੂਸ ਪੀਂਦਾ ਹੈ। ਆਂਡੇ ਤੇ ਮੀਟ ਖਾ ਲੈਂਦਾ ਹੈ। ਮੁੱਠੀ ਭਰ ਬਦਾਮ ਵੀ ਚੱਬਦਾ ਹੈ। ਮੈਂ ਆਖਿਆ, “ਬਦਾਮ ਤਾਂ ਬਹੁਤ ਮਹਿੰਗੇ ਹੁੰਦੇ ਹਨ।” ਉਸ ਦਾ ਜਵਾਬ ਸੀ, “ਸ਼ਰਾਬ ਨਾਲੋਂ ਤਾਂ ਫੇਰ ਵੀ ਸਸਤੇ ਪੈਂਦੇ ਹਨ।”

ਜਦੋਂ ਉਹ ਰਿਟਾਇਰ ਹੋ ਕੇ ਕੁੱਬੇ ਦੇ ਵਰਿਆਮ ਸਟੇਡੀਅਮ ਵਿਚ ਕਬੱਡੀ ਅਕੈਡਮੀ ਚਲਾਉਣ ਲੱਗਾ ਤਾਂ ਉਸ ਨਾਲ ਡਾਢਾ ਮਾੜਾ ਭਾਣਾ ਵਰਤ ਗਿਆ। ਹੋਣੀ ਨੇ ਉਹਦਾ ਇਕੋ ਇਕ ਜੁਆਨ ਪੁੱਤਰ ਟੋਨੀ ਅਲੰਕਾਰ ਉਹਤੋਂ ਖੋਹ ਲਿਆ। ਟੋਨੀ ਉਭਰਦਾ ਕੌਡਿਆਲ ਸੀ ਜਿਸ ਤੋਂ ਬੜੀਆਂ ਆਸਾਂ ਸਨ। ਪਰ ਕੈਂਸਰ ਦੀ ਚੰਦਰੀ ਬਿਮਾਰੀ ਉਸ ਨੂੰ ਲੈ ਬੈਠੀ। ਉਸ ਦੀ ਯਾਦ ਵਿਚ ਦੇਵੀ ਦਿਆਲ ਟੋਨੀ ਅਲੰਕਾਰ ਕਬੱਡੀ ਅਕੈਡਮੀ ਚਲਾ ਸੀ ਕਿ ਹੁਣ ਆਪ ਵੀ ਚਲਾਣਾ ਕਰ ਗਿਆ। ਪ੍ਰਮਾਤਮਾ ਉਹਦੀ ਆਤਮਾ ਨੂੰ ਸ਼ਾਂਤੀ ਦੇਵੇ ਅਤੇ ਪਰਿਵਾਰ ਦੇ ਜੀਆਂ ਤੇ ਦੋਸਤਾਂ ਮਿੱਤਰਾਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ੇ।

principalsarwansingh@gmail.com

ਕਬੱਡੀ ਦੇ ਪ੍ਰਸਿੱਧ ਖਿਡਾਰੀ ਦੇਵੀ ਦਿਆਲ ਨਾਲ ਲੇਖਕ ਕਬੱਡੀ ਦਾ ਮੈਚ ਖਿਡਾਉਣ ਸਮੇਂ।



# 17 ਜਨਵਰੀ 2024 ਨੂੰ ਪ੍ਰਕਾਸ਼ ਪੁਰਬ ’ਤੇ ਵਿਸ਼ੇਸ਼: ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਅਦੁੱਤੀ ਸ਼ਖ਼ਸੀਅਤ

ਐਡਵੋਕੇਟ ਹਰਜਿੰਦਰ ਸਿੰਘ ਧਾਮੀ

ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਿਸ਼ਵ ਦੇ ਧਾਰਮਿਕ ਇਤਿਹਾਸ ਅੰਦਰ ਉਹ ਰਹਿਬਰ ਹਨ, ਜਿਨ੍ਹਾਂ ਦਾ ਜੀਵਨ ਅਤੇ ਸ਼ਖ਼ਸੀਅਤ ਮਾਨਵਤਾ ਲਈ ਚਾਨਣ ਮੁਨਾਰਾ ਹੈ। ਗੁਰੂ ਸਾਹਿਬ ਜੀ ਨੇ ਆਪਣਾ ਸਰਬੰਸ ਧਰਮ ਤੇ ਮਨੁੱਖੀ ਕਦਰਾਂ-ਕੀਮਤਾਂ ਦੀ ਮਜ਼ਬੂਤੀ ਅਤੇ ਜ਼ੁਲਮ ਦੇ ਖ਼ਾਤਮੇ ਲਈ ਕੁਰਬਾਨ ਕੀਤਾ। ਇਹ ਕੋਈ ਛੋਟੀ ਗੱਲ ਨਹੀਂ ਹੈ ਕਿ ਗੁਰੂ ਸਾਹਿਬ ਨੇ ਆਪਣਾ ਸਾਰਾ ਪਰਿਵਾਰ ਵਾਰ ਕੇ ਵੀ ਕੋਈ ਗਿਲਾ ਨਹੀਂ, ਸਗੋਂ ਕਰਤਾ ਪੁਰਖ ਦਾ ਸ਼ੁਕਰਾਨਾ ਹੀ ਕੀਤਾ। ਦਸਮੇਸ਼ ਪਿਤਾ ਜੀ ਦਾ ਸਾਰਾ ਜੀਵਨ ਹੀ ਸਮੁੱਚੀ ਮਾਨਵਤਾ ਭਾਵ ਹਰ ਧਰਮ, ਹਰ ਵਰਗ, ਹਰ ਫਿਰਕੇ ਲਈ ਇਕਸਾਰ ਸੀ। ਆਪ ਦੀ ਕ੍ਰਾਂਤੀਕਾਰੀ ਸ਼ਖ਼ਸੀਅਤ ਨੂੰ ਇਤਿਹਾਸਕਾਰਾਂ ਨੇ ਆਪੋ-ਆਪਣੀ ਸਮਝ ਅਨੁਸਾਰ ਬਿਆਨ ਕੀਤਾ ਹੈ ਪਰ ਉਨ੍ਹਾਂ ਦੀ ਸ਼ਖ਼ਸੀਅਤ ਦੀ ਸੰਪੂਰਨ ਵਿਆਖਿਆ ਕਰਨੀ ਮਨੁੱਖੀ ਸਮਝ ਤੋਂ ਪਰ੍ਹੇ ਹੈ। ਅਸੀਂ ਗੁਰੂ ਸਾਹਿਬ ਜੀ ਦੇ ਜੀਵਨ ਦਰਸ਼ਨ ਦੇ ਆਧਾਰ ’ਤੇ ਉਨ੍ਹਾਂ ਦੀ ਸ਼ਖ਼ਸੀਅਤ ਨੂੰ ਸ਼ਬਦਾਂ ਵਿਚ ਬਿਆਨ ਤਾਂ ਕਰਦੇ ਹਾਂ ਪਰ ਸਾਡੇ ਸ਼ਬਦ ਸੀਮਤ ਹਨ ਅਤੇ ਗੁਰੂ ਸਾਹਿਬ ਦੀ ਸ਼ਖ਼ਸੀਅਤ ਦੀ ਮੁਕੰਮਲ ਬਿਆਨੀ ਸੰਭਵ ਨਹੀਂ ਹੈ।

ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਦ੍ਰਿੜ੍ਹਤਾ, ਸਬਰ ਤੇ ਸਿਦਕ ਭਰਪੂਰ ਅਦੁੱਤੀ ਜੀਵਨ ਗਾਥਾ ਸਮੁੱਚੀ ਮਨੁੱਖਤਾ ਅੰਦਰ ਹੱਕ-ਸੱਚ ਲਈ ਜੂਝਣ ਦਾ ਜਜ਼ਬਾ ਭਰਨ ਅਤੇ ਧਰਮ ਦੇ ਉਭਾਰ ਵਾਲੀ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਦਾ ਉਦੇਸ਼ ਹੀ ਧਰਮ ਦੀ ਸਥਾਪਨਾ, ਮਜ਼ਲੂਮਾਂ ਦੀ ਰਾਖੀ ਅਤੇ ਜਬਰ-ਜ਼ੁਲਮ ਦਾ ਡਟ ਕੇ ਟਾਕਰਾ ਕਰਨਾ ਸੀ। ਗੁਰੂ ਸਾਹਿਬ ਆਪਣੇ ਉਦੇਸ਼ ਨੂੰ ‘ਬਚਿਤ੍ਰ ਨਾਟਕ’ ਵਿਚ ਸਪਸ਼ਟ ਕੀਤਾ ਹੈ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਭਾਰਤੀ ਇਤਿਹਾਸ ਵਿਚ ਇੱਕ ਇਨਕਲਾਬ ਦਾ ਆਰੰਭ ਸੀ। ਉਸ ਸਮੇਂ ਸਮਾਜ ਵਿਚ ਮਨੁੱਖੀ ਆਜ਼ਾਦੀ ਨੂੰ ਕਾਇਮ ਰੱਖਣਾ ਅਸੰਭਵ ਜਾਪਦਾ ਸੀ। ਉਨ੍ਹਾਂ 9 ਸਾਲ ਦੀ ਛੋਟੀ ਉਮਰ ਵਿਚ ਆਪਣੇ ਪਿਤਾ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੂੰ ਮਜ਼ਲੂਮਾਂ ਅਤੇ ਧਰਮ ਦੀ ਰੱਖਿਆ ਲਈ ਸ਼ਹਾਦਤ ਦੇਣ ਲਈ ਤੋਰਿਆ, ਖਾਲਸਾ ਪੰਥ ਦੀ ਸਿਰਜਣਾ ਕੀਤੀ, ਜ਼ੁਲਮ ਵਿਰੁੱਧ ਅਨੇਕਾਂ ਧਰਮ ਯੁੱਧ ਲੜੇ ਅਤੇ ਸਾਹ-ਸਤਹੀਣ ਹੋ ਚੁੱਕੀ ਲੋਕਾਈ ਵਿਚ ਨਵੀਂ ਰੂਹ ਫੂਕੀ। ਗੁਰੂ ਸਾਹਿਬ ਜੀ ਨੇ ਲੋਕਾਂ ਵਿਚ ਹਿੰਮਤ ਅਤੇ ਦਲੇਰੀ ਭਰਨ ਲਈ ਸ੍ਰੀ ਅਨੰਦਪੁਰ ਸਾਹਿਬ ਦੀਆਂ ਪਹਾੜੀਆਂ ਵਿਚ ਰਣਜਿਤ ਨਗਾਰੇ ’ਤੇ ਚੋਟਾਂ ਲਗਵਾਈਆਂ, ਕੇਸਰੀ ਨਿਸ਼ਾਨ ਸਾਹਿਬ ਝੁਲਾਏ, ਘੋੜ-ਸਵਾਰੀ ਤੇ ਸ਼ਸਤਰ ਵਿੱਦਿਆ ਦਾ ਪ੍ਰਬੰਧ ਕੀਤਾ। ਇਸ ਦੇ ਨਾਲ ਹੀ ਗੁਰੂ ਜੀ ਨੇ ਲੋਕਾਂ ਅੰਦਰ ਬਹਾਦਰੀ ਪੈਦਾ ਕਰਨ ਲਈ ਬੀਰ-ਰਸੀ ਸਾਹਿਤ ਦੀ ਰਚਨਾ ਕੀਤੀ ਤੇ ਕਰਵਾਈ, ਜਿਸ ਨੇ ਅਜਿਹਾ ਕ੍ਰਿਸ਼ਮਾ ਦਿਖਾਇਆ ਕਿ ਗੁਰੂ ਕੇ ਸਿੱਖ ਸਵਾ-ਸਵਾ ਲੱਖ ਨਾਲ ਇਕੱਲੇ ਲੜ ਗਏ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਖਾਲਸਾ ਸਾਜਣਾ ਦੀ ਗੱਲ ਕਰੀਏ ਤਾਂ ਇਹ ਪੂਰੀ ਦੁਨੀਆ ਦੇ ਧਾਰਮਿਕ ਇਤਿਹਾਸ ਨੂੰ ਪ੍ਰਭਾਵਿਤ ਕਰਨ ਵਾਲੀ ਘਟਨਾ ਸੀ। ਇਸ ਘਟਨਾ ਨਾਲ ਸੰਨ 1699 ਦੀ ਵੈਸਾਖੀ ਦਾ ਦਿਨ ਦੁਨੀਆ ਦੇ ਇਤਿਹਾਸ ਅੰਦਰ ਇੱਕ ਨਿਵੇਕਲਾ ਅਧਿਆਇ ਸਿਰਜ ਗਿਆ। ਗੁਰੂ ਸਾਹਿਬ ਵੱਲੋਂ ਖ਼ਾਲਸਾ ਸਿਰਜਣਾ ਦੇ ਅਦੁੱਤੀ ਕਾਰਨਾਮੇ ਨੇ ਸਦੀਆਂ ਤੋਂ ਲਤਾੜੇ, ਗੁਲਾਮੀ ਵਾਲਾ ਜੀਵਨ ਜੀਅ ਰਹੇ ਲੋਕਾਂ ਨੂੰ ਆਤਮ ਵਿਸ਼ਵਾਸੀ ਬਣਾ ਕੇ ਅਰਸ਼ ’ਤੇ ਪਹੁੰਚਾ ਦਿੱਤਾ। ਖਾਲਸਾ ਸਾਜ ਕੇ ਆਪ ਨੇ ਸਾਰੀਆਂ ਜਾਤਾਂ ਤੇ ਵਰਗਾਂ ਦੇ ਲੋਕਾਂ ਨੂੰ ਏਕਤਾ ਦੇ ਸੂਤਰ ਵਿਚ ਪਰੋ ਲੈਣ ਦਾ ਅਦੁੱਤੀ ਤੇ ਮਹਾਨ ਕਾਰਜ ਕੀਤਾ। ਉਨ੍ਹਾਂ ਪੰਜ ਪਿਆਰਿਆਂ ਵਿਚ ਭਿੰਨ-ਭਿੰਨ ਵਰਗਾਂ ਦੇ ਲੋਕਾਂ ਨੂੰ ਸ਼ਾਮਲ ਕਰਕੇ ਉਚ ਨੀਚ ਦਾ ਫਰਕ ਸਦਾ ਲਈ ਮਿਟਾ ਦਿੱਤਾ। ਏਨਾ ਹੀ ਨਹੀਂ, ਫਿਰ ਆਪ ਵੀ ਪੰਜ ਪਿਆਰਿਆਂ ਤੋਂ ਅੰਮ੍ਰਿਤ ਛਕਿਆ। ਇਹ ਵੀ ਧਰਮਾਂ ਦੇ ਇਤਿਹਾਸ ਵਿਚ ਵਿਲੱਖਣ ਸੀ, ਕਿਉਂਕਿ ਇਸ ਤੋਂ ਪਹਿਲਾਂ ਅਜਿਹੀ ਕੋਈ ਉਦਾਹਰਣ ਨਹੀਂ ਸੀ ਮਿਲਦੀ ਕਿ ਕਿਸੇ ਗੁਰੂ ਨੇ ਆਪਣੇ ਚੇਲਿਆਂ ਨੂੰ ਆਪਣੇ ਤੋਂ ਉਪਰ ਦਾ ਦਰਜਾ ਜਾਂ ਮਾਣ ਦਿੱਤਾ ਹੋਵੇ। ਇਹ ਮਾਣ ਕੇਵਲ ਦਸਮ ਪਾਤਸ਼ਾਹ ਜੀ ਨੇ ਹੀ ਆਪਣੇ ਖਾਲਸੇ ਨੂੰ ਬਖ਼ਸ਼ਿਆ। ਇਸੇ ਤਰ੍ਹਾਂ ਹੋਲਾ ਮਹੱਲਾ ਦਾ ਆਰੰਭ ਵੀ ਗੁਰੂ ਸਾਹਿਬ ਦੇ ਜੀਵਨ ਦਾ ਇਕ ਵਿਸ਼ੇਸ਼ ਕਾਰਨਾਮਾ ਹੈ ਜਿਸ ਨੇ ਸਿੱਖ ਕੌਮ ਨੂੰ ਸਵੈਮਾਣ, ਅਣਖ, ਦਲੇਰੀ, ਹਿੰਮਤ ਅਤੇ ਬੀਰਤਾ ਨਾਲ ਜੋੜਿਆ।

ਗੁਰੂ ਸਾਹਿਬ ਜੀ ਵੱਲੋਂ ਰਚੀ ਗਈ ਬਾਣੀ ਵੀ ਮਾਨਵਤਾ ਲਈ ਸੁਚੱਜੇ ਜੀਵਨ ਦੀ ਘਾੜਤ ਘੜਨ ਵਾਲੀ ਹੈ। ਆਪ ਨੇ ਆਪਣੀ ਬਾਣੀ ਵਿਚ ਪਾਖੰਡਵਾਦ ਅਤੇ ਕਰਮਕਾਂਡਾਂ ਦਾ ਖੰਡਨ ਕੀਤਾ ਅਤੇ ਲੋਕਾਈ ਨੂੰ ਉੱਤਮ ਜੀਵਨ ਦੇ ਧਾਰਨੀ ਹੋਣ ਦੀ ਪ੍ਰੇਰਨਾ ਕੀਤੀ। ਆਪ ਨੇ ਉਪਦੇਸ਼ ਕੀਤਾ ਕਿ ਮੂਰਤੀ-ਪੂਜਾ, ਬੁੱਤ-ਪੂਜਾ, ਤੀਰਥ ਯਾਤਰਾ ਜਾਂ ਸਮਾਧੀਆਂ ਨਾਲ ਅਕਾਲ-ਪੁਰਖ ਦੀ ਪ੍ਰਾਪਤੀ ਨਹੀਂ ਹੋ ਸਕਦੀ। ਜੀਵਨ ਅਹਿਮ ਹੈ ਤੇ ਇਸ ਨੂੰ ਵਿਅਰਥ ਦੇ ਕਰਮਕਾਂਡਾਂ ਤੇ ਭਰਮ ਭੁਲੇਖਿਆਂ ਵਿਚ ਪੈ ਕੇ ਬਰਬਾਦ ਕਰਨ ਦਾ ਕੋਈ ਲਾਭ ਨਹੀਂ। ਕਰਤਾਪੁਰਖ ਤਾਂ ਸਹਿਜ ਤੇ ਪਿਆਰ ਦਾ ਮਾਰਗ ਹੈ। ਇਸ ਦੀ ਸਮਝ ਵਾਲੇ ਹੀ ਉਸ ਵਿਚ ਅਭੇਦ ਹੁੰਦੇ ਹਨ। ਗੁਰੂ ਸਾਹਿਬ ਜੀ ਦਾ ਫੁਰਮਾਣ ਹੈ:

ਕਹਾ ਭਯੋ ਜੋ ਦੋਊ ਲੋਚਨ ਮੂੰਦ ਕੈ ਬੈਠਿ ਰਹਿਓ ਬਕ ਧਿਆਨ ਲਗਾਇਓ॥
ਨ੍ਹਾਤ ਫਿਰਿਓ ਲੀਏ ਸਾਤ ਸਮੁੰਦ੍ਰਨਿ ਲੋਕ ਗਯੋ ਪਰਲੋਕ ਗਵਾਇਓ॥
ਬਾਸ ਕੀਓ ਬਿਖਿਆਨ ਸੋ ਬੈਠ ਕੈ ਐਸੇ ਹੀ ਐਸੇ ਸੁ ਬੈਸ ਬਿਤਾਇਓ॥
ਸਾਚੁ ਕਹੌਂ ਸੁਨ ਲੇਹੁ ਸਭੈ ਜਿਨ ਪ੍ਰੇਮ ਕੀਓ ਤਿਨ ਹੀ ਪ੍ਰਭ ਪਾਇਓ॥

ਇਸ ਦੋਂ ਵੱਡੀ ਗੱਲ ਹੋਰ ਕੀ ਹੋ ਸਕਦੀ ਹੈ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਮਨੁੱਖਤਾ ਨੂੰ ਸੁਖੀ ਵੇਖਣ ਦੀ ਲੋਚਾ ਨਾਲ ਆਪਣਾ ਸਾਰਾ ਪਰਿਵਾਰ ਵਾਰ ਦਿੱਤਾ। ਆਪ ਜੀ ਨੇ ਚਮਕੌਰ ਦੀ ਜੰਗ ਅੰਦਰ ਆਪਣੇ ਵੱਡੇ ਸਾਹਿਬਜ਼ਾਦਿਆਂ ਨੂੰ ਆਪਣੇ ਹੱਥੀਂ ਤਿਆਰ ਕਰ ਸ਼ਹਾਦਤਾਂ ਲਈ ਤੋਰਿਆ। ਛੋਟੇ ਸਾਹਿਬਜ਼ਾਦੇ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਤੋਂ ਪਿਛੋਂ ਵੀ ਆਪ ਨੇ ਪਰਮਾਤਮਾ ਦਾ ਸ਼ੁਕਰ ਅਦਾ ਕੀਤਾ।

ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਸਾਰਾ ਜੀਵਨ ਹੀ ਮਨੁੱਖਤਾ ਦੀ ਭਲਾਈ ਲਈ ਜੀਵਿਆ। ਉਨ੍ਹਾਂ ਨੇ ਮਨੁੱਖਤਾ ਨੂੰ ਅਗਿਆਨਤਾ ਰੂਪੀ ਹਨੇਰੇ ਵਿੱਚੋਂ ਬਾਹਰ ਕੱਢ ਕੇ ਜੀਵਨ ਦੀ ਅਸਲ ਸਚਾਈ ਦੇ ਰੂਬਰੂ ਕੀਤਾ। ਧਰਮ ਦੀ ਰਖਵਾਲੀ ਲਈ ਅਨੇਕਾਂ ਕਸ਼ਟ ਝੱਲੇ। ਜੇਕਰ ਅੱਜ ਅਸੀਂ ਸੁਖੀ ਜੀਵਨ ਜੀਅ ਰਹੇ ਹਾਂ ਤਾਂ ਇਹ ਗੁਰੂ ਸਾਹਿਬ ਜੀ ਦੀ ਬਦੌਲਤ ਹੀ ਹੈ। ਆਪ ਜੀ ਦੇ ਪ੍ਰਕਾਸ਼ ਪੁਰਬ ’ਤੇ ਸਾਡਾ ਫਰਜ਼ ਹੈ ਕਿ ਜਿਥੇ ਅਸੀਂ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕਰਨਾ ਹੈ, ਉਥੇ ਹੀ ਉਨ੍ਹਾਂ ਦੇ ਦਰਸਾਏ ਮਾਰਗ ਦੇ ਪਾਂਧੀ ਵੀ ਬਣਨਾ ਹੈ। ਅਸੀਂ ਦੁਨੀਆਂ ਦੇ ਭਾਈਚਾਰੇ ਵਿਚ ਸਰਬ-ਸਾਂਝੀਵਾਲਤਾ ਦੇ ਪੈਗ਼ਾਮ ਨੂੰ ਤਦ ਹੀ ਲੈ ਜਾ ਸਕਾਂਗੇ ਜੇਕਰ ਅਸੀਂ ਦੁਨੀਆਂ ਦੇ ਹਰ ਖੇਤਰ ਵਿਚ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਪਾਏ ਪੂਰਨਿਆਂ ’ਤੇ ਚੱਲਦੇ ਹੋਏ ਕਥਨੀ ਤੇ ਕਰਨੀ ਦੇ ਸੂਰੇ ਬਣਾਂਗੇ। ਗੁਰਦੇਵ ਪਿਤਾ ਦੇ ਆਗਮਨ ਦਿਹਾੜੇ ’ਤੇ ਸਾਨੂੰ ਸਭ ਨੂੰ ਇਹ ਅਰਦਾਸ ਕਰਨੀ ਚਾਹੀਦੀ ਹੈ ਕਿ ਗੁਰੂ ਕਿਰਪਾ ਕਰਨ, ਅਸੀਂ ਨਿਸ਼ਾਨ-ਏ-ਸਿੱਖੀ ਦੇ ਧਾਰਨੀ ਹੋ ਕੇ ਗੁਰਸਿੱਖੀ ਜੀਵਨ ਬਸਰ ਕਰਦੇ ਹੋਏ ਤੇ ਉਨ੍ਹਾਂ ਦੇ ਸਰਬ-ਸਾਂਝੇ ਉਪਦੇਸ਼ਾਂ ਨੂੰ ਸਾਰੀ ਮਨੁੱਖਤਾ ਤਕ ਪਹੁੰਚਾਉਣ ਦਾ ਯਤਨ ਕਰ ਸਕੀਏ। ਸੋ ਆਓ! ਗੁਰੂ ਬਖ਼ਸ਼ੀ ਖੰਡੇ-ਬਾਟੇ ਦੀ ਪਾਹੁਲ ਛਕ ਗੁਰਬਾਣੀ ਦੀ ਰੋਸ਼ਨੀ ਵਿਚ ਜੀਵਨ ਬਤੀਤ ਕਰੀਏ ਅਤੇ ਸਾਂਵੇਂ ਸੁਖਾਵੇਂ ਸਮਾਜ ਦੀ ਸਿਰਜਣਾ ਲਈ ਤੱਤਪਰ ਰਹੀਏ।




# ਵਿਸ਼ਵ ਪੰਜਾਬੀ ਸਭਾ ਕੈਨੇਡਾ ਤੇ ਭਾਸ਼ਾ ਵਿਭਾਗ ਮੋਹਾਲੀ ਵੱਲੋਂ ਪੁਆਧੀ ਲੇਖਕਾਂ ਦਾ ਸਨਮਾਨ




ਸਾਹਿਬਜ਼ਾਦਾ ਅਜੀਤ ਸਿੰਘ ਨਗਰ, 16 ਜਨਵਰੀ(ਪੋਸਟ ਬਿਊਰੋ): ਵਿਸ਼ਵ ਪੰਜਾਬੀ ਸਭਾ ਕੈਨੇਡਾ ਨੇ ਭਾਸ਼ਾ ਵਿਭਾਗ ਮੋਹਾਲੀ ਦੇ ਸਹਿਯੋਗ ਨਾਲ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪੁਆਧੀ ਲੇਖਕਾਂ ਦਾ ਸਨਮਾਨ ਸਮਾਰੋਹ ਕਰਵਾਇਆ। ਇਸ ਦੌਰਾਨ ਡਾ. ਦਲਬੀਰ ਸਿੰਘ ਕਥੂਰੀਆ ਚੇਅਰਮੈਨ ਵਿਸ਼ਵ ਪੰਜਾਬੀ ਸਭਾ ਕੈਨੇਡਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਵੱਖ-ਵੱਖ ਸਿਨਫ਼ਾ ਦੇ 8 ਲੇਖਕਾਂ ਤੇ ਕਵੀਆਂ ਨੂੰ ਨਕਦ ਰਾਸ਼ੀ ਤੇ ਸਨਮਾਨ-ਚਿੰਨ੍ਹ ਭੇਟ ਕੀਤੇ।

ਪ੍ਰੋਗਰਾਮ ਦੀ ਪ੍ਰਧਾਨਗੀ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ ਦਵਿੰਦਰ ਬੋਹਾ, ਨਾਵਲਕਾਰ ਜਸਬੀਰ ਮੰਡ ਜਦੋਂ ਕਿ ਵਿਸ਼ੇਸ਼ ਮਹਿਮਾਨ ਵਜੋਂ ਲੈਕਚਰਾਰ ਬਲਬੀਰ ਕੌਰ ਰਾਏਕੋਟੀ ਤੇ ਬੀਬੀ ਪਰਮਜੀਤ ਕੌਰ ਲਾਂਡਰਾਂ ਨੇ ਹਾਜ਼ਰੀ ਭਰੀ। ਪ੍ਰੋਗਰਾਮ ਦਾ ਰਸਮੀ ਆਗਾਜ਼ ਬੀਬੀ ਪਰਮਜੀਤ ਕੌਰ ਲਾਂਡਰਾਂ ਤੇ ਚੰਡੀਗੜ੍ਹ ਦੇ ਪ੍ਰਧਾਨ ਸਤਵਿੰਦਰ ਸਿੰਘ ਧੜਾਕ ਵੱਲੋਂ ਮਹਿਮਾਨਾਂ ਨੂੰ ਜੀ ਆਇਆਂ ਕਹਿਣ ਤੋਂ ਬਾਅਦ ਹੋਇਆ।

ਉਪਰੰਤ ਆਪਣੇ ਸੰਬੋਧਨ ਵਿਚ ਡਾ.ਦਲਬੀਰ ਸਿੰਘ ਕਥੂਰੀਆ ਨੇ ਕਿਹਾ ਕਿ ਕੈਨੇਡਾ ਤੇ ਹੋਰ ਬਾਹਰਲੇ ਮੁਲਕਾਂ ਦੀ ਵੱਡੀ ਤਰੱਕੀ ਪਿੱਛੇ ਉਹਨਾਂ ਦੇਸ਼ਾਂ ਦੀ ਭਾਸ਼ਾ ਦਾ ਯੋਗਦਾਨ ਹੈ। ਵਿਕਸਿਤ ਦੇਸ਼ਾਂ ਵਿੱਚ ਜ਼ਿਆਦਾਤਰ ਉਥੋਂ ਦੀਆਂ ਆਪਣੀਆਂ ਭਾਸ਼ਾਵਾਂ ਵਿਚ ਹੀ ਸਾਰਾ ਕੰਮ ਕੀਤਾ ਜਾਂਦਾ ਹੈ। ਉਹਨਾਂ ਕਿਹਾ ਕਿ ਕੋਈ ਵੀ ਭਾਸ਼ਾ ਤਦ ਹੀ ਜਿਉਂਦੀ ਰਹਿ ਸਕਦੀ ਹੈ ਜੇਕਰ ਉਹ ਅਗਲੀਆਂ ਪੀੜ੍ਹੀਆਂ ਤੱਕ ਪਹੁੰਚੇ। ਉਹਨਾਂ ਅਪੀਲ ਕਰਦਿਆਂ ਕਿਹਾ ਕਿ ਆਉ ਮਿਲ ਕੇ ਸਾਰੇ ਆਪਣੀ ਮਾਂ ਬੋਲੀ ਪੰਜਾਬੀ ਲਈ ਕੰਮ ਕਰੀਏ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਅੱਜ ਪੁਆਧੀ ਭਾਸ਼ਾ ਲਈ ਇਹ ਉਪਰਾਲਾ ਕੀਤਾ ਗਿਆ, ਇਸੇ ਤਰ੍ਹਾਂ ਪੰਜਾਬੀ ਦੀਆਂ ਹੋਰ ਉਪ ਭਾਸ਼ਾਵਾਂ ਦੁਆਬੀ, ਮਲਵਈ,ਮਾਝੀ, ਪੋਠੋਹਾਰੀ ਲਈ ਵੀ ਉਪਰਾਲੇ ਕੀਤੇ ਜਾਣਗੇ। ਉਹਨਾਂ ਕਿਹਾ ਕਿ ਕੈਨੇਡਾ ਵਿਖੇ ਜੂਨ 2024 ਵਿਚ ਹੋ ਰਹੀ ਵਿਸ਼ਵ ਪੰਜਾਬੀ ਕਾਂਨਫਰੰਸ ਵਿਸ਼ਾ ਉਪ ਭਾਸ਼ਾ ਪੁਆਧੀ ਦਾ ਪਰਚਾ ਪੇਸ਼ ਕਰਵਾਇਆ ਜਾਵੇਗਾ। ਇਸ ਦੌਰਾਨ ਉਨ੍ਹਾਂ ਪੁਆਧੀ ਭਾਸ਼ਾ ਦੇ ਨਾਮਵਰ ਲੇਖਕਾਂ/ਕਵੀਆਂ ਡਾ.ਗੁਰਮੀਤ ਸਿੰਘ ਬੈਦਵਾਨ, ਜਸਵੀਰ ਮੰਡ, ਮਨਮੋਹਨ ਸਿੰਘ ਦਾਊਂ, ਮੋਹਿਨੀ ਤੂਰ, ਸਤੀਸ਼ ਵਿਦਰੋਹੀ, ਚਰਨ ਪੁਆਧੀ, ਲਵਲੀ ਸਲੂਜਾ ਤੇ ਭੁਪਿੰਦਰ ਮਟੌਰੀਆ ਨੂੰ ਪੁਆਧੀ ਭਾਸ਼ਾ ਦੇ ਉਘੇ ਲੇਖਕਾਂ ਨੂੰ ਪ੍ਰਚਾਰ ਤੇ ਪਸਾਰ ਲਈ ਵਿਸ਼ਵ ਪੰਜਾਬੀ ਸਭਾ ਕੈਨੇਡਾ ਵਲੋਂ 3100-3100 ਰੁਪਏ ਨਕਦ, ਇੱਕ-ਇੱਕ ਫੁਲਕਾਰੀ, ਸਨਮਾਨ ਚਿੰਨ੍ਹ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

ਜ਼ਿਲਾ ਭਾਸ਼ਾ ਅਫ਼ਸਰ ਡਾ.ਦਵਿੰਦਰ ਸਿੰਘ ਸਿੰਘ ਬੋਹਾ ਨੇ ਪੁਆਧੀ ਲੋਕਾਂ ਦੀ ਤਰੀਫ਼ ਕਰਦੇ ਹੋਏ ਕਿਹਾ ਕਿ ਲੋਕ ਬੜੇ ਮਿਲਣਸਾਰ, ਇਮਾਨਦਾਰ ਤੇ ਭੋਲੇ ਭਾਲੇ ਹਨ। ਉਹਨਾਂ ਕਿਹਾ ਕਿ ਅੱਜ ਲੋੜ ਹੈ ਕਿ ਪੰਜਾਬੀ ਭਾਸ਼ਾ ਦੇ ਨਾਲ ਨਾਲ ਅਸੀਂ ਆਪਣੀਆਂ ਉਪ ਭਾਸ਼ਾਵਾਂ ਨੂੰ ਬਚਾ ਕੇ ਰੱਖੀਏ। ਉਨ੍ਹਾ ਕਿਹਾ ਕਿ ਵਿਸ਼ਵ ਪੰਜਾਬੀ ਸਭਾ ਜਿਸ ਤਰ੍ਹਾਂ ਮਾਂ ਬੋਲੀ ਦੀ ਸੇਵਾ ਕਰ ਰਹੀ ਹੈ ਉਸ ਤੋਂ ਇੰਝ ਜਾਪਦਾ ਹੈ ਕਿ ਪੰਜਾਬੀ ਮਾਂ ਬੋਲੀ ਦਾ ਪਸਾਰ ਕਰਨ ਵਾਲੇ ਲੋਕਾਂ ਦਾ ਕਾਫ਼ਲਾ ਹੋਰ ਲੰਮੇਰਾ ਹੋਵੇਗਾ। ਇਸ ਦੌਰਾਨ ਡਾ.ਗੁਰਮੀਤ ਸਿੰਘ ਬੈਦਵਾਨ ਨੇ ਪੁਆਧੀ ਬੋਲੀ ਦੀ ਪੰਜਾਬੀ ਸਾਹਿਤ ਨੂੰ ਦੇਣ ਤੇ ਸੰਭਾਵਨਾਵਾਂ ਵਿਸ਼ੇ ਜਦਕਿ ਪ੍ਰਿੰਸੀਪਲ ਲਵਲੀ ਸਲੂਜਾ ਨੇ ‘ਪੁਆਧੀ ਭਾਸ਼ਾ ਦਾ ਲੋਕਯਾਨਿਕ ਪੱਖ’ ਦੇ ਸੰਦਰਭ ਵਿੱਚ ਪਰਚੇ ਪੜ੍ਹੇ। ਗੁਰਮੀਤ ਸਿੰਘ ਬੈਦਵਾਣ ਨੇ ਪੰਜਾਬੀ ਭਾਸ਼ਾ ਤੇ ਉਪ ਭਾਸ਼ਾ ਪੁਆਧੀ ਦੇ ਨਿਕਾਸ ਤੇ ਵਿਕਾਸ ਦੇ ਇਤਿਹਾਸ ਬਾਰੇ ਜਾਣਕਾਰੀ ਸਾਂਝੀ ਕੀਤੀ। ਵਿਸ਼ਵ ਪੰਜਾਬੀ ਸਭਾ ਭਾਰਤ ਦੇ ਪ੍ਰਧਾਨ ਲੈਕਚਰਾਰ ਬਲਬੀਰ ਕੌਰ ਰਾਏਕੋਟੀ ਨੇ ਕਿਹਾ ਕਿ ਵਿਸ਼ਵ ਪੰਜਾਬੀ ਸਭਾ ਕੈਨੇਡਾ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਆਪਣੇ ਸਭਿਆਚਾਰ, ਵਿਰਸੇ ਤੇ ਪੰਜਾਬੀ ਬੋਲੀ ਨਾਲ ਜੋੜਨਾ ਹੈ। ਕੁੰਜੀਵਤ ਭਾਸ਼ਣ ਸਭਾ ਦੇ ਬਰੈਂਡ ਅੰਬੈਸਡਰ ਬਾਲ ਮੁਕੰਦ ਸ਼ਰਮਾ (ਫਿਲਮੀ ਐਕਟਰ ਤੇ ਕਮੇਡੀ ਕਲਾਕਾਰ) ਨੇ ਦਿੱਤਾ। ਉਹਨਾਂ ਆਪਣੇ ਵਿਚਾਰਾਂ ਵਿੱਚ ਵਿਸ਼ਵ ਪੰਜਾਬੀ ਸਭਾ ਕੈਨੇਡਾ ਵਲੋਂ ਮਾਂ ਬੋਲੀ ਪੰਜਾਬੀ ਦੇ ਵਿਕਾਸ ਲਈ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ। ਉਹਨਾਂ ਪੁਆਧੀ ਬੋਲੀ ਲੇਖਕਾਂ ਨੂੰ ਪਰਚੇ ਭੇਜਣ ਲਈ ਕਿਹਾ। ਸਤਵਿੰਦਰ ਸਿੰਘ ਧੜਾਕ ਪ੍ਰਧਾਨ ਵਿਸ਼ਵ ਪੰਜਾਬੀ ਸਭਾ ਕੈਨੇਡਾ ਇਕਾਈ ਚੰਡੀਗੜ੍ਹ ਨੇ ਮੰਚ ਸੰਚਾਲਨ ਦੀ ਭੂਮਿਕਾ ਨਿਭਾਈ ਤੇ ਪਹੁੰਚੇ ਸਾਰੇ ਮਹਿਮਾਨਾਂ ਤੇ ਕਵੀਆਂ ਦਾ ਧੰਨਵਾਦ ਕੀਤਾ। ਪੰਜਾਬੀ ਦੀ ਮਸ਼ਹੂਰ ਗਾਇਕਾ ਸੁੱਖੀ ਬਰਾੜ ਨੇ ਕਿਹਾ ਕਿ ਪੰਜਾਬੀ ਸਭਿਆਚਾਰ ਤੇ ਜਾਣਕਾਰੀ ਇਕੱਤਰ ਕਰ ਰਹੀ ਹੈ। ਉਹਨਾਂ ਪੰਜਾਬੀ ਨੂੰ ਸਮਰਪਿਤ ਗੀਤ ਵੀ ਪੇਸ਼ ਕੀਤਾ। ਇਸ ਮੌਕੇ ਵਿਸ਼ਵ ਪੰਜਾਬੀ ਸਭਾ ਕੈਨੇਡਾ ਦੀ ਟੀਮ ਦੇ ਮੈਂਬਰ ਕੰਵਲਜੀਤ ਸਿੰਘ ਲੱਕੀ ਜਨਰਲ ਸਕੱਤਰ,ਭਾਰਤ, ਗਿਆਨ ਸਿੰਘ ਸਾਬਕਾ ਡੀ ਪੀ ਆਰ ਓ, ਅਜੀਤ ਕਮਲ ਸਿੰਘ, ਐਡਵੋਕੇਟ ਸੰਦੀਪ ਸ਼ਰਮਾ, ਐਡਵੋਕੇਟ ਰਵਿੰਦਰ ਸਿੰਘ ਸੈਂਪਲਾ , ਭਗਤ ਰਾਮ ਰੰਗਾੜਾ, ਮਨਜੀਤਪਾਲ ਸਿੰਘ ਪ੍ਰਿੰਸੀ, ਬਹਾਦਰ ਸਿੰਘ ਗੋਸਲ, ਸਾਹਿਬਾ ਜੀਟਨ ਕੌਰ, ਸੋਨੀਆ ਭਾਰਤੀ, ਸੁੰਦਰਪਾਲ ਰਾਜਾਸਾਂਸੀ ਤੇ ਸੁਖਵਿੰਦਰ ਸਿੰਘ ਪਟਿਆਲਾ ਮੌਜੂਦ ਸਨ। ਵਿਸ਼ਵ ਪੰਜਾਬੀ ਸਭਾ ਕੈਨੇਡਾ ਦੀ ਪਹਿਲੀ ਵਰੇਗੰਢ ਮੌਕੇ ਸ਼ਾਮਿਲ ਹੋਏ ਲੇਖਕਾਂ, ਕਵੀਆਂ ਨੂੰ ਲੋਹੜੀ ਵੰਡੀ ਗਈ। ਭਾਸ਼ਾ ਵਿਭਾਗ , ਮੋਹਾਲੀ ਵੱਲੋਂ ਇਸ ਮੌਕੇ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ।

The Mortgage Centre
We work for *you*, not the lenders.




Debt Consolidation
Renovations & Repairs
Avoiding High penalities

if you are looking for independent mortgage or protection advice....
We're here to help.
* Competitive rates
* Flexible terms
* Fast approval process

No Credit or becon score check.
No income verifiaction.
Interest payments only.
Pay off high interest debts.
75%-80% LTV.
Must have home equity.....

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

# ਕਾਊਂਟ ਸੀਜ਼ਰ ਮੈਟੀ ਦੇ 215ਵੇਂ ਜਨਮਦਿਨ ਮੌਕੇ ਰਾਸ਼ਟਰ ਪੱਧਰੀ ਸਮਾਗਮ




ਮੋਗਾ, 16 ਜਨਵਰੀ (ਗਿਆਨ ਸਿੰਘ): ਇਲੈਕਟ੍ਰੋਹੋਮਿਉਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ 404 ਪੰਜਾਬ ਵੱਲੋਂ ਇਲੈਕਟ੍ਰੋਹੋਮਿਓਪੈਥੀ ਦੇ ਜਨਮਦਾਤਾ ਕਾਊਂਟ ਸੀਜ਼ਰ ਮੈਟੀ ਦੇ 215ਵਾਂ ਜਨਮ ਦਿਨ ਤੇ ਚੋਖਾ ਅੰਪਾਇਰ ਹੋਟਲ ਮੋਗਾ ਵਿਖੇ ਰਾਸ਼ਟਰ ਪੱਧਰੀ ਸਮਾਗਮ ਕਰਵਾਇਆ। ਗੁਰਬਾਣੀ ਦੇ ਸ਼ਬਦ ਨਾਲ ਪ੍ਰੋਗਰਾਮ ਦੀ ਸ਼ੁਰੂਆਤ ਕਰਨ ਉਪਰੰਤ ਮੁੱਖ ਮਹਿਮਾਨ ਈ ਆਰ ਐਫ ਆਈ ਦੇ ਪ੍ਰਧਾਨ ਡਾ ਸੰਜੀਵ ਸ਼ਰਮਾ ਅਤੇ ਈ ਡੀ ਐਮ ਏ ਦੇ ਚੈਅਰਮੈਨ ਡਾ ਜਗਤਾਰ ਸਿੰਘ ਸੇਖੋਂ, ਪ੍ਰਧਾਨ ਡਾ ਜਗਮੋਹਨ ਸਿੰਘ ਅਤੇ ਐਸੋਸ਼ੀਏਸ਼ਨ ਮੈਂਬਰਾਂ ਨੇ ਜੋਤੀ ਪ੍ਰਜਵਲਿਤ ਕਰ ਕੇ ਕਾਊਂਟ ਸੀਜ਼ਰ ਮੈਟੀ ਨੂੰ ਸ਼ਰਧਾਂਜਲੀ ਦਿੱਤੀ। ਡਾ ਸੰਜੀਵ ਸ਼ਰਮਾ ਨੇ ਇਲੈਕਟ੍ਰੋਹੋਮਿਉਪੈਥਿਕ ਪ੍ਰਣਾਲੀ ਬਾਰੇ ਦੱਸਿਆ ਕਿ ਕਾਊਂਟ ਸੀਜ਼ਰ ਮੈਟੀ ਨੇ ਸਾਨੂੰ ਇਕ ਸੌ ਪ੍ਰਤੀਸ਼ਤ ਹਰਬਲ ਇਲਾਜ ਪ੍ਰਣਾਲੀ ਦਿੱਤੀ ਹੈ ਜਿਸਦਾ ਕੋਈ ਸਾਈਡ ਇਫ਼ੈਕਟ ਨਹੀਂ ਅਤੇ ਲਾਇਲਾਜ ਰੋਗਾਂ ਦਾ ਇਲਾਜ ਵੀ ਸੰਭਵ ਹੋਇਆ ਹੈ। ਸਭ ਤੋ ਵੱਡੀ ਗੱਲ ਕਿ ਇਸ ਪੈਥੀ ਵਿਚ ਗਰੀਬ ਤੋਂ ਗਰੀਬ ਵਰਗ ਵੀ ਆਪਣਾ ਇਲਾਜ ਅਰਾਮ ਨਾਲ ਕਰਵਾ ਸਕਦਾ ਹੈ ਉਸ ਉਪਰ ਕੋਈ ਆਰਥਿਕ ਬੋਝ ਨਹੀਂ ਪੈਂਦਾ। ਹਿਮਾਚਲ ਪ੍ਰਦੇਸ਼ ਐਸੋਸੀਏਸ਼ਨ ਦੇ ਚੇਅਰਮੈਨ ਡਾ ਸੁਰਿੰਦਰ ਠਾਕੁਰ, ਪ੍ਰਧਾਨ ਉੱਤਮ ਚੰਦ, ਮਹਾਰਾਸ਼ਟਰ ਤੋਂ ਡਾ ਆਰ ਸੀ ਪ੍ਰਜਾਪਤੀ ਅਤੇ ਈ ਡੀ ਐਮ ਏ ਕੋਰ ਕਮੇਟੀ ਮੈਂਬਰ ਡਾ ਜਸਵਿੰਦਰ ਸਿੰਘ ਸਮਾਧਭਾਈ, ਡਾ ਮਨਪ੍ਰੀਤ ਸਿੰਘ ਸਿੱਧੂ, ਡਾ ਸ਼ੰਦਿਰ ਸਿੰਘ ਕਲੇਰ ਦੁਆਰਾ ਮੈਟੀ ਸਾਹਿਬ ਦੀ ਫੋਟੋ ਨੂੰ ਫੁੱਲ ਅਰਪਿਤ ਕੀਤੇ ਗਏ। ਸਟੇਜ ਸੈਕਟਰੀ ਦੀ ਭੂਮਿਕਾ ਡਾ ਜਗਜੀਤ ਸਿੰਘ ਗਿੱਲ ਅਤੇ ਡਾ ਕਮਲਜੀਤ ਕੌਰ ਨੇ ਬਾਖ਼ੂਬੀ ਨਿਭਾਈ। ਇਸ ਸਮੇਂ ਐਸੋਸ਼ੀਏਸ਼ਨ ਵੱਲੋਂ ਸਲਾਨਾ ਸੋਵੀਨਾਰ ਲਾਂਚ ਕੀਤਾ ਗਿਆ, ਜਿਸ ਵਿੱਚ ਵੱਖ ਵੱਖ ਬਿਮਾਰੀਆਂ ਤੇ ਆਰਟੀਕਲ ਦਿੱਤੇ ਹੋਏ ਹਨ।

ਇਸ ਮੌਕੇ ਕਾਊਂਟ ਸੀਜ਼ਰ ਮੈਟੀ ਦੇ ਜੀਵਨ 'ਤੇ ਚਾਨਣਾ ਪਾਉਂਦਿਆਂ ਹੋਇਆਂ ਇੱਕ ਡਾਕੂਮੈਂਟਰੀ ਵੀਡਿਉ ਪੇਸ਼ ਕੀਤੀ ਗਈ। ਪ੍ਰੋਗਰਾਮ ਦੌਰਾਨ ਡਾ ਅੰਮ੍ਰਿਤਪਾਲ ਸਿੰਘ ਅਤੇ ਡਾ ਜਸਵਿੰਦਰ ਸਿੰਘ ਗਿੱਲ ਦੁਆਰਾ ਮੈਟੀ ਸਾਹਿਬ ਨੂੰ ਸਮਰਪਿਤ ਗੀਤ ਪੇਸ਼ ਕੀਤੇ ਗਏ। ਤੀਰਥ ਚੜਿੱਕ ਦੀ ਟੀਮ ਦੁਆਰਾ ਨਸ਼ਿਆਂ ਦੇ ਖਿਲਾਫ ਇੱਕ ਨੁੱਕੜ ਨਾਟਕ ਪੇਸ਼ ਕੀਤਾ ਗਿਆ। ਇਸ ਸਮਾਗਮ ਦੌਰਾਨ ਪਿਛਲੇ ਸਾਲ ਦੌਰਾਨ ਨਵੇਂ ਬਣੇ ਕਲੀਨਿਕ/ਹਸਪਤਾਲ/ਸੈਂਟਰਾਂ ਦੇਵਮੁਖੀਆਂ ਨੂੰ ਸਨਮਾਨਿਤ ਕੀਤਾ ਗਿਆ। ਕਾਊਂਟ ਸੀਜ਼ਰ ਮੈਟੀ ਦੇ ਜਨਮਦਿਨ ਦਾ ਕੇਕ ਕੱਟਿਆ ਗਿਆ। ਪ੍ਰੋਗਰਾਮ ਦੌਰਾਨ 4 ਸ਼ੈਸਨ ਸਵਾਲ ਜਵਾਬ ਦੇ ਰੱਖੇ ਗਏ ਜਿੰਨਾਂ ਦੇ ਸਹੀ ਜਵਾਬ ਦੇਣ ਵਾਲਿਆ ਨੂੰ ਗਿਫਟ ਦਿੱਤੇ ਗਏ। ਪ੍ਰਧਾਨ ਡਾ ਜਗਮੋਹਨ ਸਿੰਘ ਧੂੜਕੋਟ ਨੇ ਪਹੁੰਚੇ ਹੋਏ ਡਾਕਟਰਾਂ ਦਾ ਧੰਨਵਾਦ ਕੀਤਾ। ਇਸ ਸਮੇਂ ਪੰਜਾਬ ਤੋਂ ਇਲਾਵਾ ਹਿਮਾਚਲ ਪ੍ਰਦੇਸ਼, ਮਹਾਰਾਸ਼ਟਰ, ਮੱਧ ਪ੍ਰਦੇਸ਼, ਉੱਤਰ ਪ੍ਰਦੇਸ਼, ਹਰਿਆਣਾ, ਦਿੱਲੀ ਤੋਂ ਡਾਕਟਰਾਂ ਨੇ ਹਿੱਸਾ ਲਿਆ। ਇਸ ਸਮੇਂ ਜਨਰਲ ਸਕੱਤਰ ਡਾ. ਪਰਮਿੰਦਰ ਕੁਮਾਰ ਪਾਠਕ, ਡਾ. ਜਸਵੀਰ ਸ਼ਰਮਾ ਭਗਤਾ,ਮੀਤ ਪ੍ਰਧਾਨ ਡਾ. ਹਰਦੇਵ ਸਿੰਘ, ਪ੍ਰੈਸ ਸਕੱਤਰ ਡਾ. ਦਰਬਾਰਾ ਸਿੰਘ ਭੁੱਲਰ, ਸਹਾਇਕ ਪ੍ਰੈਸ ਸਕੱਤਰ ਡਾ.ਅਵਤਾਰ ਸਿੰਘ ਦੇਵਗਨ, ਡਾ. ਸੱਤਪਾਲ ਮੌਰੀਆਂ, ਕੈਸ਼ੀਅਰ ਡਾ. ਸੰਤੋਖ ਸਿੰਘ, ਡਾ. ਸਰਬਜੀਤ ਸਿੰਘ, ਡਾ. ਸੁਖਦੇਵ ਸਿੰਘ, ਡਾ. ਸ਼ਮਸ਼ੇਰ ਸਿੰਘ ਸਿੱਧੂ, ਡਾ. ਪਰਮਜੀਤ ਸਿੰਘ ਨੰਗਲ, ਡਾ. ਕਰਮਜੀਤ ਸਿੰਘ ਬੌਡੇ, ਡਾ. ਸੁਰਿੰਦਰ ਅਰੋੜਾ, ਡਾ. ਮਨੋਜ ਕੁਮਾਰ, ਡਾ. ਐੱਸ ਕੇ ਕਟਾਰੀਆ, ਡਾ. ਨਿਸ਼ਾਨ ਸਿੰਘ, ਡਾ. ਤਰਲੋਕ ਸਿੰਘ, ਡਾ. ਮੋਹਨ ਸਿੰਘ, ਡਾ. ਧਰਮਪਾਲ ਸਿੰਘ, ਡਾ. ਮੁਕੇਸ਼ ਕੁਮਾਰ, ਡਾ. ਸੰਜੀਵ ਜੁਨੇਜਾ , ਡਾ. ਯੈਦ ਖਾਨ ਮੇਰਠ, ਡਾ. ਸ਼ਹਿਯਾਦ, ਮਨੀਸ਼ ਆਦਿ ਹਾਜ਼ਰ ਸਨ।

# ਮੱਧ ਪ੍ਰਦੇਸ਼ ਦੇ ਕੁਨੋ ਨੈਸ਼ਨਲ ਪਾਰਕ ’ਚ ਸ਼ੌਰਿਆ ਨਾਂ ਦੇ ਚੀਤੇ ਦੀ ਮੌਤ, ਹੁਣ ਤੱਕ 10 ਚੀਤਿਆਂ ਦੀ ਮੌਤ

ਨਵੀਂ ਦਿੱਲੀ, 16 ਜਨਵਰੀ (ਪੋਸਟ ਬਿਊਰੋ): ਮੱਧ ਪ੍ਰਦੇਸ਼ ਦੇ ਸ਼ਿਓਪੁਰ ਜ਼ਿਲ੍ਹੇ ਵਿੱਚ ਸਥਿਤ ਕੁਨੋ ਨੈਸ਼ਨਲ ਪਾਰਕ ਵਿੱਚ ਨਾਮੀਬੀਆ ਤੋਂ ਲਿਆਂਦੇ ਇੱਕ ਹੋਰ ਚੀਤੇ ਦੀ ਮੌਤ ਹੋ ਗਈ ਹੈ। ਇਸ ਦਾ ਨਾਂ ‘ਸ਼ੌਰਿਆ’ ਦੱਸਿਆ ਜਾਂਦਾ ਹੈ। ਮੌਤ ਦੇ ਕਾਰਨਾਂ ਦੀ ਪੁਸ਼ਟੀ ਲਈ ਪੋਸਟਮਾਰਟਮ ਕਰਵਾਇਆ ਜਾ ਰਿਹਾ ਹੈ। ਪ੍ਰੋਜੈਕਟ ਚੀਤਾ ਦੇ ਤਹਿਤ ਸਤੰਬਰ 2022 ਵਿੱਚ ਨਾਮੀਬੀਆ ਤੋਂ ਅੱਠ ਚੀਤੇ ਅਤੇ 2023 ਦੇ ਸ਼ੁਰੂ ਵਿੱਚ ਦੱਖਣੀ ਅਫਰੀਕਾ ਤੋਂ 12 ਚੀਤੇ ਲਿਆਂਦੇ ਗਏ ਸਨ। ਹੁਣ ਤੱਕ 10 ਚੀਤਿਆਂ ਦੀ ਮੌਤ ਹੋ ਚੁੱਕੀ ਹੈ। ਕੁਨੋ ਵਿੱਚ ਚੀਤੇ ਦੀ ਮੌਤ ਦੀ ਆਖਰੀ ਖ਼ਬਰ 2 ਅਗਸਤ 2023 ਨੂੰ ਆਈ ਸੀ। ਹੁਣ ਛੇ ਮਹੀਨਿਆਂ ਬਾਅਦ ਇਹ ਬੁਰੀ ਖ਼ਬਰ ਆਈ ਹੈ।

ਏਪੀਸੀਸੀਐੱਫ ਅਤੇ ਜੰਗਲਾਤ ਵਿਭਾਗ ਦੇ ਡਾਇਰੈਕਟਰ ਲਾਇਨ ਪ੍ਰੋਜੈਕਟ ਦੇ ਹਵਾਲੇ ਨਾਲ ਜਾਰੀ ਪ੍ਰੈਸ ਨੋਟ ਵਿੱਚ ਕਿਹਾ ਗਿਆ ਹੈ ਕਿ ਨਾਮੀਬੀਆ ਤੋਂ ਆਇਆ ਚੀਤਾ ਮੰਗਲਵਾਰ ਸਵੇਰੇ ਕਰੀਬ 11 ਵਜੇ ਬੇਹੋਸ਼ੀ ਦੀ ਹਾਲਤ ਵਿੱਚ ਮਿਲਿਆ। ਨਿਗਰਾਨੀ ਟੀਮ ਤੁਰੰਤ ਹਰਕਤ ਵਿੱਚ ਆ ਗਈ। ਕੁਝ ਸਮੇਂ ਲਈ ਉਸ ਨੂੰ ਹੋਸ਼ ਆ ਗਿਆ ਪਰ ਉਹ ਬਹੁਤ ਕਮਜ਼ੋਰ ਸੀ। ਪੁਨਰ ਸੁਰਜੀਤ ਹੋਣ ਦੇ ਬਾਵਜੂਦ, ਕੁਝ ਪੇਚੀਦਗੀਆਂ ਸਾਹਮਣੇ ਆਈਆਂ ਅਤੇ ਉਸਨੇ ਸੀਪੀਆਰ ਨੂੰ ਜਵਾਬ ਦੇਣਾ ਬੰਦ ਕਰ ਦਿੱਤਾ। ਪੋਸਟਮਾਰਟਮ ਤੋਂ ਬਾਅਦ ਹੀ ਮੌਤ ਦੇ ਕਾਰਨਾਂ ਦਾ ਪਤਾ ਲੱਗੇਗਾ।

LOCAL & LONG DISTANCE MOVING
H.K. MOVERS
VANCOUVER - CALGARY - EDMONTON - WINNIPEG - TORONTO - OTTAWA - MONTREAL
CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS
Best Business of 2023 ThreeBest Rated Excellence
Call: 416.524.6704
www.hkmovers.ca
2023 ThreeBest Rated Certificate of Excellence THREE BEST RATED
SAFE, RELIABLE AND EFFICIENT SERVICE AT THE BEST RATES

